SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 22* Issue 68 | Thursday, April 6, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ


## ਪ੍ਰੋਸਟੇਟ ਕੈਂਸਰ ਤੋਂ ਰਿਕਵਰ ਕਰ ਰਹੇ ਹਨ ਸਾਬਕਾ ਪ੍ਰਧਾਨ ਮੰਤਰੀ ਮਲਰੋਨੀ

ਓਟਵਾ, 5 ਅਪਰੈਲ (ਪੋਸਟ ਬਿਊਰੋ) : ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਬ੍ਰਾਇਨ ਮਲਰੋਨੀ ਪ੍ਰੋਸਟੇਟ ਕੈਂਸਰ ਤੋਂ ਰਿਕਵਰ ਕਰ ਰਹੇ ਹਨ। ਇਸ ਦੀ ਪੁਸ਼ਟੀ ਉਨ੍ਹਾਂ ਦੇ ਨੇੜਲੇ ਸਰੋਤਾਂ ਵੱਲੋਂ ਕੀਤੀ ਗਈ।



84 ਸਾਲਾ ਮਲਰੋਨੀ ਵੱਲੋਂ ਪਿਛਲੇ ਸਾਲ ਮਾਂਟਰੀਅਲ ਵਿੱਚ ਆਪਣਾ ਇਲਾਜ ਕਰਵਾਇਆ ਗਿਆ ਸੀ ਤੇ ਹੁਣ ਉਹ ਬਿਲਕੁਲ ਠੀਕ ਠਾਕ ਹਨ ਤੇ ਸਿਹਤਯਾਬ ਹੋ ਚੁੱਕੇ ਹਨ। ਕੈਨੇਡਾ ਦੇ 18ਵੇਂ ਪ੍ਰਧਾਨ ਮੰਤਰੀ ਵਜੋਂ ਮਲਰੋਨੀ ਨੇ 1984 ਤੇ 1993 ਦਰਮਿਆਨ ਸਫਲਤਾਪੂਰਬਕ ਪ੍ਰੋਗਰੈਸਿਵ ਕੰਜ਼ਰਵੇਟਿਵ ਬਹੁਗਿਣਤੀ ਸਰਕਾਰਾਂ ਚਲਾਈਆਂ। ਪਿਛਲੇ ਕੁੱਝ ਸਾਲਾਂ ਤੋਂ ਉਹ ਫੈਡਰਲ ਸਿਆਸਤ ਬਾਰੇ ਸੇਧ ਤੇ ਆਪਣੇ ਤਜਰਬੇ ਸਾਂਝੇ ਕਰ ਰਹੇ ਹਨ ਤੇ ਕੰਜ਼ਰਵੇਟਿਵ ਲਹਿਰ ਨੂੰ ਅੱਗੇ ਲਿਜਾਣ ਵਿੱਚ ਮਦਦ ਕਰ ਰਹੇ ਹਨ।

ਪਿਛਲੇ ਸਾਲ ਸਤੰਬਰ ਵਿੱਚ ਓਟਵਾ ਵਿਖੇ ਕ੍ਰਾਈਸਟ ਚਰਚ ਕੈਥੇਡਰਲ ਵੱਲੋਂ ਕਰਵਾਈ ਗਈ ਨੈਸ਼ਨਲ ਕੁਮੈਮਰੇਸ਼ਨ ਸੈਰੇਮਨੀ ਵਿੱਚ ਮਲਰੋਨੀ ਨੇ ਮਹਾਰਾਣੀ ਐਲਿਜ਼ਾਬੈੱਥ ਦੀ ਪ੍ਰਸ਼ੰਸਾ ਕੀਤੀ। ਮਲਰੋਨੀ ਨੂੰ ਆਪਣੀ ਲੀਡਰਸ਼ਿਪ ਤੇ ਕੈਨੇਡਾ ਲਈ ਪਾਏ ਗਏ ਯੋਗਦਾਨ ਬਦਲੇ ਕਈ ਐਵਾਰਡ ਵੀ ਮਿਲ ਚੁੱਕੇ ਹਨ।

ਕੈਨੇਡੀਅਨ ਕੈਂਸਰ ਸੁਸਾਇਟੀ ਅਨੁਸਾਰ ਕੈਨੇਡਾ ਵਿੱਚ ਪੁਰਸ਼ਾਂ ਦੀਆਂ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਪਿੱਛੇ ਪ੍ਰੋਸਟੇਟ ਕੈਂਸਰ ਤੀਜਾ ਵੱਡਾ ਕਾਰਨ ਹੈ। ਸੁਸਾਇਟੀ ਦੇ ਅੰਦਾਜ਼ੇ ਮੁਤਾਬਕ ਹਰ ਰੋਜ਼ ਦੇਸ਼ ਵਿੱਚ ਪ੍ਰੋਸਟੇਟ ਕੈਂਸਰ ਨਾਲ 67 ਵਿਅਕਤੀ ਡਾਇਗਨੋਜ਼ ਹੁੰਦੇ ਹਨ।

## ਸੀਰੀਆ ਦੇ ਕੈਂਪ ਵਿੱਚ ਨਜ਼ਰਬੰਦ 19 ਕੈਨੇਡੀਅਨ ਪਰਤ ਰਹੇ ਹਨ ਦੇਸ਼

ਓਟਵਾ, 5 ਅਪਰੈਲ (ਪੋਸਟ ਬਿਊਰੋ) : ਚਾਰ ਸਾਲਾਂ ਤੱਕ ਉੱਤਰਪੂਰਬੀ ਸੀਰੀਆ ਵਿੱਚ ਓਪਨ ਏਅਰ ਜੇਲ੍ਹ ਵਿੱਚ ਗੁਜ਼ਾਰਨ ਤੋਂ ਬਾਅਦ 19 ਕੈਨੇਡੀਅਨਜ਼ ਆਖਿਰਕਾਰ ਦੇਸ਼ ਪਰਤ ਰਹੇ ਹਨ।ਇਹ ਜਾਣਕਾਰੀ ਭਰੋਸੇਯੋਗ ਸੂਤਰਾਂ ਵੱਲੋਂ ਦਿੱਤੀ ਗਈ।

ਇੱਕ ਚਸ਼ਮਦੀਦ ਗਵਾਹ ਅਨੁਸਾਰ ਮੰਗਲਵਾਰ ਨੂੰ ਕੈਨੇਡੀਅਨ ਅਧਿਕਾਰੀਆਂ ਵੱਲੋਂ ਸੀਰੀਆ ਦੇ ਅਲ-ਰੋਜ਼ ਕੈਂਪ ਤੋਂ ਛੇ ਮਹਿਲਾਵਾਂ ਤੇ 13 ਬੱਚਿਆਂ ਨੂੰ ਬਾਹਰ ਕੱਢਿਆ ਗਿਆ।ਇਸ ਖਿੱਤੇ ਵਿੱਚ ਕੁਰਦਿਸ਼ ਸੈਨਾਵਾਂ ਵੱਲੋਂ ਚਲਾਏ ਜਾਣ ਵਾਲੇ ਕਈ ਕੈਂਪਸ ਤੇ ਜੇਲ੍ਹਾਂ ਵਿੱਚੋਂ ਅਲ-ਰੋਜ਼ ਵੀ ਇੱਕ ਹੈ ਜਿੱਥੇ 40,000 ਸ਼ੱਕੀ ਆਈਐਸਆਈਐਸ ਅੱਤਵਾਦੀਆਂ ਤੇ ਸਮਰਥਕਾਂ ਨੂੰ ਨਜ਼ਰਬੰਦ ਕਰਕੇ ਰੱਖਿਆ ਗਿਆ ਹੈ। ਨਜ਼ਰਬੰਦ ਕੀਤੇ ਗਏ ਬਹੁਤੇ ਲੋਕਾਂ ਵਿੱਚੋਂ ਬਹੁਗਿਣਤੀ ਬੱਚਿਆਂ ਦੀ ਹੈ। ਦੋ ਸਾਲ ਪਹਿਲਾਂ ਸੰਯੁਕਤ ਰਾਸ਼ਟਰ ਵੱਲੋਂ ਸਾਰੇ ਦੇਸ਼ਾਂ ਨੂੰ ਇਹ ਆਖਿਆ ਗਿਆ ਸੀ ਕਿ ਸੱਭ ਆਪੋ ਆਪਣੇ ਨਾਗਰਿਕਾਂ ਨੂੰ ਇਨ੍ਹਾਂ ਕੈਂਪਾਂ ਤੋਂ ਵਾਪਿਸ ਲੈ ਜਾਣ।



ਪਿਛਲੇ ਹਫਤੇ ਤੋਂ ਹੀ ਮਾਂਵਾਂ ਤੇ ਬੱਚਿਆਂ ਦੀ ਜਾਂਚ ਲਈ ਆਰਸੀਐਮਪੀ ਇਸ ਕੈਂਪ ਵਿੱਚ ਮੌਜੂਦ ਸੀ। ਇਸ ਯੋਜਨਾ ਤੋਂ ਜਾਣੂ ਸਰੋਤ ਅਨੁਸਾਰ ਇਹ ਕੈਨੇਡੀਅਨ, ਜਿਨ੍ਹਾਂ ਨੂੰ ਲਿਆਂਦਾ ਜਾਣਾ ਹੈ, ਕੈਲਗਰੀ, ਐਡਮੰਟਨ, ਟੋਰਾਂਟੋ ਤੇ ਮਾਂਟਰੀਅਲ ਨਾਲ ਸਬੰਧਤ ਹਨ। ਪਰ ਇਨ੍ਹਾਂ ਦੀ ਗਿਣਤੀ ਅਜੇ ਵੀ ਘੱਟ ਹੈ। ਇਸ ਕੈਂਪ ਨੂੰ ਛੱਡਣ ਵਾਲਿਆਂ ਵਿੱਚ ਕਿਊਬਿਕ ਦੀ 38 ਸਾਲਾ ਮਹਿਲਾ ਤੇ ਉਸ ਦੇ ਛੇ ਬੱਚੇ ਸ਼ਾਮਲ ਨਹੀਂ ਹਨ। ਇਹ ਮਹਿਲਾ ਆਪਣੇ ਬੱਚਿਆਂ ਨਾਲ ਕੈਂਪ ਦੇ ਕਿਸੇ ਦੂਜੇ ਹਿੱਸੇ ਵਿੱਚ ਰਹਿੰਦੀ ਹੈ।

## ਯੌਰਕਡੇਲ ਮਾਲ ਦੇ ਬਾਹਰ ਗੱਡੀ ਵਿਚ ਧਮਾਕਾ ਮਕੈਨੀਕਲ ਗੜਬੜੀ ਨਿਕਲਿਆ

ਟੋਰਾਂਟੋ, 5 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਨੇ ਦੱਸਿਆ ਕਿ ਯੌਰਕਡੇਲ ਮਾਲ ਦੇ ਬਾਹਰ ਪਾਰਕਿੰਗ ਲੌਟ ਵਿੱਚ ਹੋਏ ਧਮਾਕੇ ਦਾ ਕਾਰਨ ਕੁੱਝ ਹੋਰ ਨਹੀਂ ਸਗੋਂ ਗੱਡੀ ਨੂੰ ਪੇਸ਼ ਆਇਆ ਕੋਈ ਮਕੈਨੀਕਲ ਮੁੱਦਾ ਸੀ।

ਬੁੱਧਵਾਰ ਨੂੰ ਰਾਤੀਂ 7:30 ਵਜੇ ਦੇ ਨੇੜੇ ਤੇੜੇ ਡਫਰਿਨ ਸਟਰੀਟ ਉੱਤੇ ਸਥਿਤ ਮਾਲ ਦੇ ਬਾਹਰ ਹੋਏ ਇਸ ਧਮਾਕੇ ਦੀ ਖਬਰ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਇਸ ਹਾਦਸੇ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ ਪਰ ਪੁਲਿਸ ਅਧਿਕਾਰੀਆਂ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇੱਕ ਗੱਡੀ ਦੇ ਥੱਲੇ ਧਮਾਕਾ ਹੋਣ ਦਾ ਪਤਾ ਲੱਗਣ ਤੋਂ ਬਾਅਦ ਬੰਬ ਸਕੁਐਡ ਨੂੰ ਸੱਦਿਆ ਗਿਆ।



ਬਾਅਦ ਵਿੱਚ ਜਾਰੀ ਕੀਤੀ ਗਈ ਅਪਡੇਟ ਵਿੱਚ ਪੁਲਿਸ ਨੇ ਆਖਿਆ ਕਿ ਇਹ ਕੋਈ ਧਮਾਕਾ ਨਹੀਂ ਸੀ ਤੇ ਤੇਜ਼ ਆਵਾਜ਼ ਦੀਆਂ ਜਿਹੜੀਆਂ ਖਬਰਾਂ ਮਿਲੀਆਂ ਸਨ ਉਹ ਇਸ ਲਈ ਕਿਉਂਕਿ ਗੱਡੀ ਵਿੱਚ ਕੋਈ ਮਕੈਨੀਕਲ ਗੜਬੜੀ ਹੋ ਗਈ ਸੀ। ਅਧਿਕਾਰੀਆਂ ਨੇ ਦੱਸਿਆ ਕਿ ਗੱਡੀ ਨੂੰ ਉੱਥੋਂ ਹਟਾ ਦਿੱਤਾ ਗਿਆ ਹੈ। ਪਹਿਲਾਂ ਮਾਲ ਨੂੰ ਖਾਲੀ ਕਰਨ ਦੀਆਂ ਖਬਰਾਂ ਮਿਲੀਆਂ ਸਨ ਪਰ ਬਾਅਦ ਵਿੱਚ ਅਜਿਹਾ ਨਹੀਂ ਕੀਤਾ ਗਿਆ।

## ਡਿੱਗਦੇ ਹੋਏ ਰੁੱਖ ਦੀ ਚਪੇਟ ਵਿੱਚ ਆਉਣ ਕਾਰਨ ਵਿਅਕਤੀ ਦੀ ਹੋਈ ਮੌਤ

ਮਾਰਖਮ, 5 ਅਪਰੈਲ (ਪੋਸਟ ਬਿਊਰੋ) : ਮਾਰਖਮ ਵਿੱਚ ਇੱਕ ਡਿੱਗ ਰਹੇ ਰੁੱਖ ਦੀ ਚਪੇਟ ਵਿੱਚ ਆ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਸ਼ਾਮੀਂ 6:00 ਵਜੇ ਦੇ ਨੇੜੇ ਤੇੜੇ ਡਿਕਸਨ ਹਿੱਲ ਰੋਡ ਨੇੜੇ 19ਥ ਐਵਨਿਊ ਤੇ ਹਾਈਵੇਅ 48 ਉੱਤੇ ਹਾਦਸੇ ਦੀ ਜਾਣਕਾਰੀ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਡਿਊਟੀ ਇੰਸਪੈਕਟਰ ਨੇ ਦੱਸਿਆ ਕਿ ਇੱਕ ਵਿਅਕਤੀ ਰੁੱਖ ਕੱਟ ਰਿਹਾ ਸੀ ਜਦੋਂ ਉਹ ਅਚਾਨਕ ਉਸ ਉੱਤੇ ਹੀ ਡਿੱਗ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਇਸ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।ਇਸ ਮਾਮਲੇ ਨੂੰ ਸ਼ੱਕੀ ਨਹੀਂ ਮੰਨਿਆ ਜਾ ਰਿਹਾ ਹੈ।



ਓਨਟਾਰੀਓ ਤੇ ਕਿਊਬਿਕ ਵਿੱਚ ਆਏ ਤੂਫਾਨ ਤੇ ਹੱਢ ਜਮਾਂ ਦੇਣ ਵਾਲੇ ਮੀਂਹ ਕਾਰਨ 800,000 ਲੋਕਾਂ ਨੂੰ ਬਿਨਾਂ ਬਿਜਲੀ ਤੋਂ ਗੁਜ਼ਾਰਾ ਕਰਨਾ ਪੈ ਰਿਹਾ ਹੈ। ਯੌਰਕ-ਦਰਹਾਮ ਤੇ ਓਨਟਾਰੀਓ ਦੇ ਕਈ ਦੱਖਣੀ ਹਿੱਸਿਆਂ ਵਿੱਚ ਮੌਸਮ ਸਬੰਧੀ ਚੇਤਾਵਨੀ ਜਾਰੀ ਕੀਤੀ ਗਈ ਸੀ ਪਰ ਬਾਅਦ ਵਿੱਚ ਇਸ ਨੂੰ ਹਟਾ ਲਿਆ ਗਿਆ।


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Colour options available
Spring SALE with fresh deals
$1699*
Upgrade to steam wash $299
Upgrade to $299
Upgrade to $399
$2999*
$4499*
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਮੁਰੰਮਤ ਅਧੀਨ ਘਰ ਵਿੱਚ ਲੀਕ ਹੋਈ ਕਾਰਬਨ ਮੋਨੋਆਕਸਾਈਡ, 2 ਵਰਕਰਜ਼ ਦੀ ਹਾਲਤ ਵਿਗੜੀ



ਟੋਰਾਂਟੋ, 5 ਅਪਰੈਲ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਘਰ, ਜਿਸ ਦੀ ਮੁਰੰਮਤ ਦਾ ਕੰਮ ਚੱਲ ਰਿਹਾ ਸੀ, ਵਿੱਚ ਕਾਰਬਨ ਮੋਨੋਆਕਸਾਈਡ ਗੈਸ ਲੀਕ ਹੋਣ ਕਾਰਨ ਦੋ ਵਿਅਕਤੀਆਂ ਦੀ ਤਬੀਅਤ ਖਰਾਬ ਹੋ ਗਈ ਤੇ ਉਨ੍ਹਾਂ ਨੂੰ ਐਮਰਜੰਸੀ ਅਮਲੇ ਵੱਲੋਂ ਹਸਪਤਾਲ ਲਿਜਾਇਆ ਗਿਆ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਰਾਤੀਂ 7:10 ਦੇ ਨੇੜੇ ਤੇੜੇ ਉਨ੍ਹਾਂ ਨੂੰ ਹਿਲਡਾ ਤੇ ਡ੍ਰਿਊਰੀ ਐਵਨਿਊ ਇਲਾਕੇ ਵਿੱਚ ਨੌਰਵਿਨ ਸਟਰੀਟ ਉੱਤੇ ਸਥਿਤ ਇੱਕ ਘਰ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਘਰ ਵਿੱਚ ਗੈਸ ਲੀਕ ਹੋਣ ਕਾਰਨ ਦੋ ਪੁਰਸ਼ ਵਰਕਰਜ਼ ਉਨ੍ਹਾਂ ਨੂੰ ਵਿਗੜੀ ਹੋਈ ਹਾਲਤ ਨਾਲ ਮਿਲੇ।ਟੋਰਾਂਟੋ ਫਾਇਰ ਨੇ ਆਖਿਆ ਕਿ ਉਨ੍ਹਾਂ ਨੂੰ ਘਰ ਵਿੱਚ ਮੋਨੋਆਕਸਾਈਡ ਗੈਸ ਲੀਕ ਹੋਣ ਦੀ ਖਬਰ ਮਿਲੀ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਦੋ ਵਿਅਕਤੀਆਂ ਨੂੰ ਬਚਾ ਕੇ ਉਨ੍ਹਾਂ ਨੂੰ ਪੈਰਾਮੈਡਿਕਸ ਦੀ ਦੇਖਰੇਖ ਵਿੱਚ ਹਸਪਤਾਲ ਭੇਜਿਆ ਗਿਆ।

ਮੰਗਲਵਾਰ ਰਾਤ ਨੂੰ ਘਰ ਦੇ ਆਲੇ ਦੁਆਲੇ ਪੀਲੇ ਰੰਗ ਦੀ ਟੇਪ ਲਾ ਦਿੱਤੀ ਗਈ ਤੇ ਐਮਰਜੰਸੀ ਗੱਡੀਆਂ ਵੀ ਉੱਥੇ ਨਜ਼ਰ ਆਈਆਂ। ਇਸ ਮਾਮਲੇ ਵਿੱਚ ਹਾਲ ਦੀ ਘੜੀ ਲੇਬਰ ਮੰਤਰਾਲੇ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਪ੍ਰਗਟਾਈ ਗਈ ਹੈ।

## ਨੌਰਥ ਯੌਰਕ ਵਿੱਚ ਚੱਲੀ ਗੋਲੀ, 2 ਜ਼ਖ਼ਮੀ




ਟੋਰਾਂਟੋ, 5 ਅਪਰੈਲ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਬੁੱਧਵਾਰ ਸਵੇਰੇ ਚੱਲੀਆਂ ਗੋਲੀਆਂ ਕਾਰਨ ਦੋ ਵਿਅਕਤੀ ਜ਼ਖ਼ਮੀ ਹੋ ਗਏ ਤੇ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਸ਼ੂਟਿੰਗ ਕਮਰ ਐਵਨਿਊ ਦੇ ਉੱਤਰ ਵੱਲ 5999 ਯੰਗ ਸਟਰੀਟ ਉੱਤੇ ਵੈੱਜ਼ਵੁੱਡ ਪਲਾਜ਼ਾ ਦੇ ਨਿਊਰੌਨਬਰੁੱਕ ਇਲਾਕੇ ਵਿੱਚ ਹੋਈ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਤੜ੍ਹਕੇ 2:00 ਵਜੇ ਤੋਂ ਠੀਕ ਪਹਿਲਾਂ ਮੌਕੇ ਉੱਤੇ ਸੱਦਿਆ ਗਿਆ। ਪਲਾਜ਼ਾ ਦੇ ਪਾਰਕਿੰਗ ਲੌਟ ਵਿੱਚ ਗੋਲੀ ਲੱਗਣ ਕਾਰਨ ਦੋ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਦੀ ਹਾਲਤ ਗੰਭੀਰ ਸੀ।

ਪੈਰਾਮੈਡਿਕਸ ਨੇ ਦੱਸਿਆ ਕਿ ਦੋ ਵਿਅਕਤੀਆਂ ਨੂੰ ਜ਼ਖ਼ਮੀ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਮੌਕੇ ਦਾ ਜਾਇਜ਼ਾ ਲੈਣ ਵਾਲੇ ਜਾਂਚਕਾਰਾਂ ਨੇ ਮਸ਼ਕੂਕਾਂ ਬਾਰੇ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ ਹੈ ਤੇ ਨਾ ਹੀ ਕਿਸੇ ਸ਼ੱਕੀ ਗੱਡੀ ਦਾ ਵੇਰਵਾ ਹੀ ਸਾਂਝਾ ਕੀਤਾ ਗਿਆ ਹੈ।

## ਅੱਜ ਨਾਮਾ

ਸੁਣਿਆ ਸੱਟ ਇੱਕ ਲੱਗੀ ਹੈ ਨਵੀਂ ਵੱਜਣ,
ਹੋਣਾ ਬਿਜਲੀ ਦਾਪਾਸ ਕੋਈ ਬਿੱਲ ਬੇਲੀ।
ਕਰਨਾ ਪਾਸਇਹ ਬਿੱਲ ਸੀ ਬੜਾ ਪਹਿਲਾਂ,
ਕਰਾਈ ਕਿਸਾਨਾਂ ਨੇ ਓਦੋਂ ਸੀ ਢਿੱਲ ਬੇਲੀ।
ਮੋਰਚਾ ਖਿੱਲਰਿਆ, ਧੜੇ ਕਈ ਬਣੇ ਡਿੱਠੇ,
ਸਾਰਾ ਈ ਹੋਇਆ ਵਿਰੋਧ ਹੈ ਨਿੱਲ ਬੇਲੀ।
ਬਿਜਲੀ ਕੰਪਨੀਆਂ ਦੀ ਮਰਜ਼ੀ ਸਾਫ ਹੋਣੀ,
ਲਾਹ ਲਉ, ਜਿੰਨੀ ਹੈ ਲੱਥਦੀ ਛਿੱਲ ਬੇਲੀ।
ਛਿੜ ਗਏ ਚਰਚੇ ਅਗੇਤੇ ਜਿਹੇ ਚਹੁੰ ਪਾਸੀਂ,
ਲੱਗਿਆ ਆਉਣ ਆਹ ਨਵਾਂ ਕਾਨੂੰਨ ਬੇਲੀ।
ਨੁਕਤਾ ਜਿਹੜਾ ਕੋਈ ਹੋਏ ਕਾਨੂੰਨ ਅੰਦਰ,
ਖਿੱਚਣਾ ਈ ਵਾਂਗਰ ਸਰਿੰਜਾਂ ਦੇ ਖ਼ੂਨ ਬੇਲੀ।

**ਤੀਸ ਮਾਰ ਖਾਂ**

## ਟਰੰਪ ਨੇ ਕਿਹਾ: ਅਮਰੀਕਾ ਨਰਕ ਵਿਚ ਜਾ ਰਿਹਾ ਹੈ, ਬਾਈਡੇਨ ਪ੍ਰਸ਼ਾਸਨ 'ਤੇ ਸਾਧਿਆ ਨਿਸ਼ਾਨਾ

ਵਾਸ਼ਿੰਗਟਨ, 5 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਰਾਤ ਨੂੰ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਜੋਅ ਬਾਈਡੇਨ ਪ੍ਰਸ਼ਾਸਨ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਸੰਯੁਕਤ ਰਾਜ ਨਰਕ ਵਿੱਚ ਜਾ ਰਿਹਾ ਹੈ। ਇੱਥੇ ਦੱਸ ਦਈਏ ਕਿ ਟਰੰਪ ਪੋਰਨ ਸਟਾਰ ਸਟੋਰਮੀ ਡੇਨੀਅਲਸ ਨੂੰ ਚੁੱਪ ਰਹਿਣ ਲਈ ਗੁਪਤ ਤੌਰ 'ਤੇ ਪੈਸੇ ਦਿੱਤੇ ਜਾਣ ਦੇ ਦੋਸ਼ਾਂ ਨਾਲ ਜੁੜੇ ਮਾਮਲਿਆਂ ਦੀ ਸੁਣਵਾਈ ਲਈ ਮੈਨਹਟਨ ਦੀ ਇਕ ਅਦਾਲਤ ਵਿਚ ਪਹੁੰਚੇ। ਉਸ ਨੂੰ ਪੇਸ਼ੀ ਤੋਂ ਪਹਿਲਾਂ ਗ੍ਰਿਫ਼ਤਾਰ ਕਰ ਲਿਆ ਗਿਆ। ਦੱਸ ਦੇਈਏ ਕਿ ਟਰੰਪ 'ਤੇ ਕਰੀਬ 34 ਦੋਸ਼ ਲੱਗੇ ਹਨ। ਇਸ ਦੇ ਨਾਲ ਹੀ ਉਸ 'ਤੇ 1.22 ਲੱਖ ਡਾਲਰ ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। ਅਦਾਲਤ ਵੱਲੋਂ ਜੁਰਮਾਨਾ ਲੱਗਣ ਤੋਂ ਬਾਅਦ ਪਹਿਲੀ ਵਾਰ ਜਨਤਕ ਤੌਰ 'ਤੇ ਸਾਹਮਣੇ ਆਏ ਟਰੰਪ ਨੇ ਕਿਹਾ ਕਿ 'ਸਾਡਾ ਦੇਸ਼ ਨਰਕ ਵਿੱਚ ਜਾ ਰਿਹਾ ਹੈ'। ਟਰੰਪ ਨੇ ਫਲੋਰੀਡਾ ਦੇ ਆਪਣੇ ਘਰ ਤੋਂ ਆਪਣੇ ਸਮਰਥਕਾਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ 'ਮੈਂ ਕਦੇ ਨਹੀਂ ਸੋਚਿਆ ਸੀ ਕਿ ਅਮਰੀਕਾ 'ਚ ਅਜਿਹਾ ਕੁਝ ਹੋ ਸਕਦਾ ਹੈ। ਮੈਂ ਸਿਰਫ਼ ਇੱਕ ਹੀ ਗੁਨਾਹ ਕੀਤਾ ਹੈ ਕਿ ਮੈਂ ਆਪਣੀ ਕੌਮ ਨੂੰ ਨਿਡਰਤਾ ਨਾਲ ਉਨ੍ਹਾਂ ਲੋਕਾਂ ਤੋਂ ਬਚਾਇਆ ਹੈ ਜੋ ਇਸ ਨੂੰ ਤਬਾਹ ਕਰਨਾ ਚਾਹੁੰਦੇ ਹਨ।' ਸ਼ੁਰੂ ਤੋਂ ਹੀ, ਡੈਮੋਕਰੇਟਸ ਨੇ ਮੇਰੀ ਮੁਹਿੰਮ ਦੀ ਜਾਸੂਸੀ ਕੀਤੀ ਸੀ। ਡੋਨਾਲਡ ਟਰੰਪ ਨੇ ਨਿਊਯਾਰਕ ਦੇ ਸਰਕਾਰੀ ਵਕੀਲ ਐਲਵਿਨ ਬ੍ਰੈਗ 'ਤੇ ਵੀ ਆਪਣੇ ਖ਼ਿਲਾਫ਼ ਅਪਰਾਧਿਕ ਦੋਸ਼ ਲਗਾਉਣ ਲਈ ਨਿਸ਼ਾਨਾ ਸਾਧਿਆ।



ਟਰੰਪ ਨੇ ਕਿਹਾ ਕਿ ਇਹ ਫਰਜ਼ੀ ਕੇਸ ਸਿਰਫ ਆਉਣ ਵਾਲੀਆਂ 2024 ਦੀਆਂ ਚੋਣਾਂ ਵਿਚ ਦਖਲ ਦੇਣ ਲਈ ਲਿਆਂਦਾ ਗਿਆ ਸੀ ਅਤੇ ਇਸ ਨੂੰ ਤੁਰੰਤ ਖ਼ਤਮ ਕੀਤਾ ਜਾਣਾ ਚਾਹੀਦਾ ਹੈ। ਜੋਅ ਬਾਈਡੇਨ ਪ੍ਰਸ਼ਾਸਨ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਡੋਨਾਲਡ ਟਰੰਪ 2024 ਦੀ ਰਿਪਬਲਿਕਨ ਨਾਮਜ਼ਦਗੀ ਦੀ ਦੌੜ 'ਚ ਸਭ ਤੋਂ ਅੱਗੇ ਹਨ। ਤੁਹਾਡੀ ਜਾਣਕਾਰੀ ਲਈ ਦੱਸ ਦੇਈਏ ਕਿ 2016 ਦੀਆਂ ਅਮਰੀਕੀ ਚੋਣਾਂ ਤੋਂ ਪਹਿਲਾਂ ਡੋਨ-'ਲਡ ਟਰੰਪ ਨੇ ਦੋ ਔਰਤਾਂ ਨੂੰ ਆਪਣੇ ਨਾਲ ਸਰੀਰਕ ਸਬੰਧਾਂ ਬਾਰੇ ਚੁੱਪ ਰਹਿਣ ਲਈ ਪੈਸੇ ਦਿੱਤੇ ਸਨ। ਇਸਤਗਾਸਾ ਪੱਖ ਨੇ ਉਸ ਨੂੰ ਇਸ ਮਾਮਲੇ 'ਚ ਦੋਸ਼ੀ ਠਹਿਰਾਇਆ ਹੈ। ਇਸ ਨਾਲ ਡੋਨਾਲਡ ਟਰੰਪ ਅਪਰਾਧਿਕ ਦੋਸ਼ਾਂ ਦਾ ਸਾਹਮਣਾ ਕਰਨ ਵਾਲੇ ਪਹਿਲੇ ਮੌਜੂਦਾ ਜਾਂ ਸਾਬਕਾ ਅਮਰੀਕੀ ਰਾਸ਼ਟਰਪਤੀ ਬਣ ਗਏ ਹਨ।





















# ਕੈਨੇਡਾ ਵਿਚ ਅਪਰੈਲ ਮਹੀਨੇ ਨੂੰ ਸਿੱਖ ਵਿਰਾਸਤੀ ਮਹੀਨਾ ਮਨਾਉਣ ਪਈ ਪੂਰੇ ਜੋਸ਼ੋ-ਖ਼ਰੋਸ਼ ਨਾਲ ਤਿਆਰੀਆਂ

ਸਿੱਖ ਧਰਮ ਲਈ ਅਪ੍ਰੈਲ ਮਹੀਨੇ ਦੀ ਬਹੁਤ ਮਹੱਤਤਾ ਹੈ, ਕਿਉਂਕਿ ਇਸ ਮਹੀਨੇ ਖ਼ਾਲਸਾ ਪੰਥ ਦੀ ਸਾਜਨਾ ਦਸਮ ਪਾਤਿਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ। 'ਚ ਵਿਸਾਖੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤੀ ਸੀ।

ਜਿਸ ਨੂੰ ਕੈਨੇਡਾ ਦੀ ਧਰਤੀ ਤੇ ਮਨਾਉਣ ਅਤੇ ਸਿੱਖ ਧਰਮ ਵਾਰੇ ਕੈਨੇਡੀਅਨਾਂ ਨੂੰ ਜਾਣਕਾਰੀ ਦੇਣ ਲਈ ਸੁੱਖ ਧਾਲੀਵਾਲ ਨੇ ਅਪਰੈਲ 2018 ਨੂੰ ਸਿੱਖ ਵਿਰਾਸਤੀ ਮਹੀਨੇ ਦੇ ਰੂਪ ਵਿਚ ਮਨਾਉਣ ਲਈ ਬਿੱਲ 'ਸੀ-376' ਪੇਸ਼ ਕੀਤਾ ਸੀ ਜਿਸ ਨੂੰ ਸਦਨ ਨੇ ਪਾਸ ਕਰ ਦਿਤਾ ਸੀ । ਇਸ ਬਿੱਲ ਨੂੰ ਲਗਭੱਗ 20 ਮੈਂਬਰਾਂ ਨੇ ਸਮਰਥਨ ਦਿਤਾ ਸੀ ਜੋ ਪੰਜਾਬੀ ਮੂਲ ਦੇ ਸਨ।

ਇਸ ਉਪਰੰਤ ਕੈਨੇਡਾ ਦੀ ਫੈਡਰਲ ਸਰਕਾਰ ਨੇ ਵਿਸਾਖੀ ਦੇ ਤਿਉਹਾਰ ਮੌਕੇ ਅਪਰੈਲ ਮਹੀਨੇ ਨੂੰ ਸਿੱਖ ਵਿਰਾਸਤੀ ਮਹੀਨਾ ਐਲਾਨ ਕਰ ਦਿਤਾ ਹੈ ਸੀ।

ਅਪਰੈਲ ਮਹੀਂਨਾ ਚੜ੍ਹਦੇ ਹੀ 'ਸਿੱਖ ਵਿਰਾਸਤੀ ਮਹੀਨਾ' ਮਨਾਉਣ ਦੇ ਜਸ਼ਨ ਪੂਰੀ ਸ਼ਾਨੋ-ਸ਼ੌਕਤ ਨਾਲ ਸ਼ੁਰੂ ਹੋ ਜਾਂਦੇ ਹਨ। ਇਸ ਮੌਕੇ ਸਿੱਖਾਂ ਦੇ ਇਸ ਦੇਸ਼ ਵਿੱਚ ਪਾਏ ਜਾਣ ਵਾਲੇ ਮਹਾਨ ਯੋਗਦਾਨ ਨੂੰ ਚੇਤੇ ਕੀਤਾ ਜਾਂਦਾ ਹੈ।

ਇਸ ਤੋਂ ਪਹਿਲਾਂ ਕੈਨੇਡਾ ਦੇ ਸਿਰਫ਼ ਬ੍ਰਿਟਿਸ਼ ਕੋਲੰਬੀਆ ਸੂਬੇ 'ਚ ਹੀ ਇਹ ਮਹੀਨਾ ਮਨਾਇਆ ਜਾਂਦਾ ਸੀ। ਪਰ 2018 ਦੇ ਬਿਲ ਪਾਸ ਹੋਣ ਤੋਂ ਬਾਅਦ ਕੈਨੇਡਾ ਸਰਕਾਰ ਤੇ ਇਸ ਦੇਸ਼ ਦੇ ਸਮੂਹ ਵਾਸੀ ਪੂਰੇ ਜੋਸ਼ੋ-ਖ਼ਰੋਸ਼ ਨਾਲ ਇਹ ਮਹੀਨਾ ਮਨਾਉਣ ਲਈ ਪੂਰੀ ਤਰ੍ਹਾਂ ਤਿਆਰ ਰਹਿੰਦੇ ਹਨ।

ਕੈਨੇਡਾ ਦੀ ਖ਼ਾਸੀਅਤ ਇਹ ਹੈ ਕਿ ਕੈਨੇਡਾ ਨੂੰ ਵੰਨ-ਸੁਵੰਨਤਾ ਭਰਪੂਰ ਅਤੇ ਸਹਿਣਸ਼ੀਲ ਦੇਸ਼ ਵਜੋਂ ਜਾਣਿਆ ਜਾਂਦਾ ਹੈ। ਇਹ ਯਕੀਨੀ ਬਣਾਉਂਦਾ ਹੈ ਕਿ ਕੈਨੇਡਾ ਇੱਕ ਅਜਿਹਾ ਦੇਸ਼ ਹੈ ਜਿਸ 'ਤੇ ਅਸੀਂ ਸਾਰੇ ਮਾਣ ਕਰ ਸਕਦੇ ਹਾਂ ਜਿੱਥੇ ਹਰ ਇੱਕ ਨੂੰ ਬਰਾਬਰ ਦਾ ਦਰਜਾ ਦਿੱਤਾ ਗਿਆ ਹੈ। ਇਹੀ ਕਾਰਨ ਹੈ ਕਿ ਇੱਥੇ ਇਤਾਲਵੀ, ਤਾਮਿਲ, ਕਾਲੇ, ਯਹੂਦੀ , ਹਿੰਦੂ ਅਤੇ ਏਸ਼ੀਆਈ ਵਿਰਾਸਤ ਦੇ ਮਹੀਨਿਆਂ ਨੂੰ ਮਾਨਤਾ ਦਿੱਤੀ ਗਈ ਹੈ। ਇਹ ਮਹੀਨੇ ਸਾਨੂੰ ਵਿਸ਼ੇਸ਼ ਸੱਭਿਆਚਾਰਕ ਵਿਰਾਸਤ ਨੂੰ ਪਛਾਣਨ, ਸਤਿਕਾਰ ਕਰਨ ਅਤੇ ਯਾਦ ਰੱਖਣ ਵਿੱਚ ਮਦਦ ਕਰਦੇ ਹਨ। ਸਾਡੀਆਂ ਸਾਰਿਆਂ ਦੀਆਂ ਕਦਰਾਂ-ਕੀਮਤਾਂ, ਸਿਧਾਂਤਾਂ ਅਤੇ ਆਦਰਸ਼ਾਂ ਨੂੰ ਇਕਜੁੱਟ ਕਰਨਾ ਕੈਨੇਡੀਅਨਾਂ ਲਈ ਇੱਕ ਸਾਂਝਾ ਵਿਸ਼ਾ ਹੈ।

ਅਪਰੈਲ ਦਾ ਮਹੀਨਾ ਕੈਨੇਡਾ ਦੀ ਸਮਾਜਿਕ, ਆਰਥਿਕ, ਰਾਜਨੀਤਕ ਅਤੇ ਸੱਭਿਆਚਾਰਕ ਵਿਰਾਸਤ ਵਿੱਚ ਸਿੱਖ ਭਾਈਚਾਰੇ ਵੱਲੋਂ ਕੀਤੇ ਗਏ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦਾ ਹੈ ਅਤੇ ਇਸ 'ਤੇ ਜ਼ੋਰ ਦਿੰਦਾ ਹੈ। ਕੈਨੇਡਾ ਵਿੱਚ 800,000 ਤੋਂ ਵੱਧ ਸਿੱਖ ਰਹਿੰਦੇ ਹਨ ਜੋ ਇੱਥੋਂ ਦੇ ਵੱਖ ਵੱਖ ਖੇਤਰਾਂ ਵਿੱਚ ਸਰਗਰਮ ਹਨ। ਪੰਜਾਬੀ ਭਾਈਚਾਰੇ ਦੇ ਮੈਂਬਰਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੀਆਂ ਪ੍ਰਾਪਤੀਆਂ ਰਾਹੀਂ ਕੈਨੇਡਾ ਵਿੱਚ ਯੋਗਦਾਨ ਪਾਉਣਾ ਸ਼ੁਰੂ ਕੀਤਾ ਅਤੇ ਕੈਨੇਡਾ ਦੀ ਵਿਭਿੰਨਤਾ ਨੂੰ ਆਕਾਰ ਦੇਣ ਵਿੱਚ ਮਦਦ ਕੀਤੀ।

ਸਿੱਖ ਧਰਮ ਦੇ ਮੂਲ ਸਿਧਾਂਤਾਂ ਵਿੱਚ ਉਦਾਰਤਾ, ਸਮਾਨਤਾ, ਖੁੱਲ੍ਹਾਪਣ ਅਤੇ ਦਇਆ ਸ਼ਾਮਲ ਹਨ। ਸਿੱਖ ਵਿਰਾਸਤੀ ਮਹੀਨਾ ਸਮਾਵੇਸ਼ੀ ਕੈਨੇਡਾ ਦੇ ਨਿਰਮਾਣ ਵਿੱਚ ਸਿੱਖ ਭਾਈਚਾਰੇ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ ਬਾਰੇ ਸੋਚਣ ਦਾ ਮੌਕਾ ਪ੍ਰਦਾਨ ਕਰਦਾ ਹੈ। ਇਸ ਦਾ ਸਿਹਰਾ ਪੰਜਾਬੀ ਮੂਲ ਦੇ ਗੁਰਬਖਸ਼ ਮੱਲ੍ਹੀ ਨੂੰ ਜਾਂਦਾ ਹੈ ਜਿਨ੍ਹਾਂ ਨੂੰ ਕੈਨੇਡਾ ਵਿੱਚ ਪਹਿਲੇ ਪਗੜੀਧਾਰੀ ਸਿੱਖ ਐੱਮ।ਪੀ। ਹੋਣ ਦਾ ਮਾਣ ਹਾਸਲ ਹੈ। ਉਹ 1993 ਵਿੱਚ ਪਹਿਲੀ ਵਾਰ ਐੱਮ।ਪੀ। ਚੁਣੇ ਗਏ ਸਨ ਅਤੇ 6



ਸੁਰਜੀਤ ਸਿੰਘ ਫਲੋਰਾ

ਵਾਰ ਲਗਾਤਾਰ ਐੱਮ।ਪੀ। ਰਹੇ।

ਇਸ ਉਪਰੰਤ ਸਮੇਂ ਦੇ ਨਾਲ ਹਰਜੀਤ ਸਿੰਘ ਸੱਜਣ, ਰਣਦੀਪ ਸਿੰਘ ਸਰਾਏ ਅਤੇ ਸੁੱਖ , ਗਗਨ ਸਿਕੰਦ, ਰਾਮੇਸ਼ਵਰ ਸਿੰਘ ਸੰਘਾ, ਮਨਿੰਦਰ ਸਿੰਘ ਸਿੱਧੂ, ਕਮਲ ਖਹਿਰਾ, ਰੂਬੀ ਸਹੋਤਾ, ਸੋਨੀਆ ਸਿੱਧੂ, ਬਰਦੀਸ਼ ਚੱਗਰ ਅਤੇ ਰਾਜ ਸੈਣੀ ਅਤੇ ਕਿਊਬਿਕ ਤੋਂ ਅੰਜੂ ਢਿੱਲੋਂ, ਟਿਮ ਉੱਪਲ, ਇਸੇ ਤਰ੍ਹਾਂ ਪ੍ਰਭਮੀਤ ਸਿੰਘ ਸਰਕਾਰੀਆ ਜੋ ਇਸ ਸਮੇਂ ਉਨਟੈਰੀਉ ਸਰਕਾਰ ਦੇ ਖ਼ਜਾਨਾਂ ਮੰਤਰੀ ਹਨ। ਨੀਨਾ ਤਾਂਗੜੀ ਜੋ ਹਾਊਸਿੰਗ ਐਸੋਸੀਏਟ ਮੰਤਰੀ ਹੈ, ਪਰਮ ਗਿੱਲ ਅਮਰਜੋਤ ਸੰਧੂ ਤੇ ਹਰਦੀਪ ਗਰੇਵਾਲ ਤੇ ਕਈ ਹੋਰ ਸਿੱਖਾਂ ਨੇ ਕੈਨੇਡੀਅਨ ਸਿਆਸਤ ਵਿੱਚ ਆਪਣੀ ਥਾਂ ਬਣਾਈ ਹੈ। ਕੈਨੇਡਾ ਦੀ ਐੱਨ।ਡੀ।ਪੀ। ਪਾਰਟੀ ਦੇ ਨੇਤਾ ਵੀ ਗੁਰਸਿੱਖ ਜਗਮੀਤ ਸਿੰਘ ਹਨ।

ਇਸ ਦੇ ਨਾਲ ਹੀ ਕੈਨੇਡਾ ਦੇ ਗੁਆਂਢੀ ਦੇਸ਼ ਅਮਰੀਕਾ ਵਿੱਚ ਵੀ ਯੂਐੱਸ ਕਾਂਗਰਸ ਨੇ 14 ਅਪਰੈਲ ਨੂੰ ਰਾਸ਼ਟਰੀ ਸਿੱਖ ਦਿਵਸ ਵਜੋਂ ਮਨਾਉਣ ਲਈ ਮਤਾ ਪੇਸ਼ ਕੀਤਾ ਸੀ। ਜ਼ਿਕਰਯੋਗ ਹੈ ਕਿ 100 ਸਾਲ ਪਹਿਲਾਂ ਅਮਰੀਕਾ ਵਿੱਚ ਪਰਵਾਸ ਕਰਨ ਵਾਲੇ ਸਿੱਖ ਭਾਈਚਾਰੇ ਨੇ ਅਮਰੀਕਾ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਹ ਮਤਾ ਸੰਯੁਕਤ ਰਾਜ ਦੇ ਲੋਕਾਂ ਨੂੰ ਮਜ਼ਬੂਤ ਅਤੇ ਪ੍ਰੇਰਿਤ ਕਰਕੇ ਸਿੱਖ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਸਵੀਕਾਰ ਕਰਨਾ ਹੈ ਅਤੇ 'ਰਾਸ਼ਟਰੀ ਸਿੱਖ ਦਿਵਸ' ਦੇ ਐਲਾਨ ਦਾ ਸਮਰਥਨ ਕਰਨਾ ਹੈ। ਇਸ ਨੂੰ ਸਿੱਖ ਕਾਕਸ, ਸਿੱਖ ਕੋਆਰਡੀਨੇਸ਼ਨ ਅਤੇ ਅਮਰੀਕਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮਰਥਨ ਦਿੱਤਾ।

ਅਪਰੈਲ ਸਿੱਖ ਕੌਮ ਲਈ ਅਹਿਮ ਮਹੀਨਾ ਹੈ। ਇਸ ਦਿਨ ਦੁਨੀਆ ਭਰ ਦੇ ਸਿੱਖ ਵਿਸਾਖੀ ਮਨਾਉਂਦੇ ਹਨ, ਜੋ ਖਾਲਸੇ ਦੀ ਸਿਰਜਣਾ ਅਤੇ ਸਿੱਖ ਧਰਮ ਦੀਆਂ ਕੁਰਬਾਨੀਆਂ ਨੂੰ ਦਰਸਾਉਂਦਾ ਹੈ।

ਕੈਨੇਡਾ ਸਰਕਾਰ ਵੱਲੋਂ ਅਪਰੈਲ ਨੂੰ ਸਿੱਖ ਵਿਰਾਸਤੀ ਮਹੀਨਾ ਐਲਾਨ ਕੇ ਕੈਨੇਡੀਅਨ ਸਿੱਖਾਂ ਵੱਲੋਂ ਦੇਸ਼ ਦੇ ਸਮਾਜਿਕ, ਆਰਥਿਕ, ਰਾਜਨੀਤਕ ਅਤੇ ਸੱਭਿਆਚਾਰਕ ਖੇਤਰ ਵਿੱਚ ਪਾਏ ਗਏ ਯੋਗਦਾਨ ਨੂੰ ਮਾਨਤਾ ਦੇਣਾ ਹੈ। ਸਿੱਖ ਹੈਰੀਟੇਜ ਮਹੀਨੇ ਨੂੰ ਪਹਿਲੀ ਵਾਰ ਓਂਟਾਰੀਓ ਵਿੱਚ 2013 ਵਿੱਚ ਮਾਨਤਾ ਦਿੱਤੀ ਗਈ ਸੀ, ਅਲਬਰਟਾ ਇਸ ਜਾਗਰੂਕਤਾ ਮਹੀਨੇ ਨੂੰ ਪੰਜ ਸਾਲਾਂ ਤੋਂ ਮਾਨਤਾ ਦੇ ਰਿਹਾ ਹੈ। 7 ਨਵੰਬਰ, 2018 ਨੂੰ ਫੈਡਰਲ ਪਾਰਲੀਮੈਂਟ ਨੇ ਹਰ ਸਾਲ ਅਪਰੈਲ ਵਿੱਚ ਰਾਸ਼ਟਰੀ ਪੱਧਰ 'ਤੇ ਸਿੱਖ ਵਿਰਾਸਤੀ ਮਹੀਨਾ ਮਨਾਉਣ ਲਈ ਵੋਟ ਕੀਤਾ ਸੀ।

ਕੈਨੇਡੀਅਨ ਚਾਰਟਰ ਆਫ਼ ਰਾਈਟਸ ਇਹ ਯਕੀਨੀ ਬਣਾਉਂਦਾ ਹੈ ਕਿ ਹਰ ਸਿੱਖ ਨੂੰ ਆਪਣੇ ਸਿਰ 'ਤੇ ਪੱਗ ਬੰਨ੍ਹਣ ਅਤੇ ਲੰਬੀ ਦਾੜ੍ਹੀ ਰੱਖਣ ਦਾ ਅਧਿਕਾਰ ਹੈ। ਇਹ ਹਰ ਸਿੱਖ ਨੂੰ ਆਪਣੇ ਸਰੀਰ 'ਤੇ ਪੰਜ ਕਕਾਰ ਪਹਿਨਣ ਦੀ ਇਜਾਜ਼ਤ ਦਿੰਦਾ ਹੈ।

ਕੈਨੇਡਾ ਵਿੱਚ ਸਿੱਖਾਂ ਦਾ ਸਫ਼ਰ ਆਸਾਨ ਨਹੀਂ ਰਿਹਾ। ਉਨ੍ਹਾਂ ਨੇ ਹਰ ਪੱਧਰ 'ਤੇ ਅਸਹਿਣਸ਼ੀਲਤਾ ਅਤੇ ਪੱਖਪਾਤ ਦਾ ਸਾਹਮਣਾ ਕੀਤਾ ਹੈ। ਇਨ੍ਹਾਂ ਚੁਣੌਤੀਆਂ ਨੇ ਸਿੱਖਾਂ ਨੂੰ ਕਈ ਵਾਰ ਅਣਉਚਿਤ ਕਿਰਤ ਕਾਨੂੰਨਾਂ ਕਾਰਨ ਦੂਜੇ ਦਰਜੇ ਦੇ ਨਾਗਰਿਕ ਬਣਾ ਦਿੱਤਾ ਸੀ। 1914 ਦੀ ਕੌਮਾਗਾਟਾਮਾਰੂ ਘਟਨਾ ਵਿੱਚ ਭਾਰਤ ਤੋਂ ਗਏ ਪਰਵਾਸੀਆਂ ਨੂੰ ਕੈਨੇਡਾ ਵਿੱਚ ਦਾਖਲ ਹੋਣ ਤੋਂ ਰੋਕ ਦਿੱਤਾ ਸੀ। ਜਿਸ ਵਿੱਚ ਕੁਝ ਲੋਕਾਂ ਦੀ ਮੌਤ ਵੀ ਹੋ ਗਈ ਸੀ, ਪਰ ਇਸ ਘਟਨਾ ਬਾਰੇ ਕੈਨੇਡਾ ਸਰਕਾਰ ਨੇ ਸਿੱਖ ਭਾਈਚਾਰੇ ਤੋਂ ਪਾਰਲੀਮੈਂਟ ਵਿੱਚ ਮੁਆਫ਼ੀ ਮੰਗ ਲਈ ਸੀ ਤੇ ਸਿੱਖਾਂ ਨੂੰ ਕੈਨੇਡਾ ਵਿੱਚ ਢੁਕਵਾਂ ਸਥਾਨ ਹੀ ਨਹੀਂ ਬਲਕਿ ਸਿੱਖ ਵਿਰਸੇ ਦੀ ਮਹਾਨਤਾ ਨੂੰ ਦਰਸਾਉਣ ਲਈ ਅਪਰੈਲ ਨੂੰ ਵਿਰਾਸਤੀ ਮਹੀਨੇ ਵਜੋਂ ਮਨਾਉਣ ਦਾ ਐਲਾਨ ਕੀਤਾ।

ਗ਼ੌਰਤਲਬ ਹੈ ਕਿ ਕੈਨੇਡਾ ਦੇ ਟੋਰਾਂਟੋ (ਉਨਟਾਰੀਓ), ਵੈਨਕੂਵਰ, ਸਰੀ (ਬ੍ਰਿਟਿਸ਼ ਕੋਲੰਬੀਆ), ਕੈਲਗਰੀ, ਐਡਮਿੰਟਨ (ਅਲਬਰਟਾ) ਜਿਹੇ ਸ਼ਹਿਰਾਂ 'ਚ ਵਿਸਾਖੀ ਮੌਕੇ ਬਹੁਤ ਵਿਸ਼ਾਲ ਨਗਰ ਕੀਰਤਨ ਸਜਾਏ ਜਾਂਦੇ ਹਨ,ਜਿਨ੍ਹਾਂ ਨੂੰ ਇੱਥੇ 'ਸਿੱਖ ਪਰੇਡ' ਆਖਿਆ ਜਾਂਦਾ ਹੈ। ਇਨ੍ਹਾਂ ਨਗਰ ਕੀਰਤਨਾਂ 'ਚ ਲੱਖਾਂ ਸਿੱਖ ਸੰਗਤਾਂ ਹੀ ਨਹੀਂ, ਸਗੋਂ ਅਨੇਕ ਸਥਾਨਕ ਗੋਰੇ ਵੀ ਬਹੁਤ ਸ਼ਰਧਾ ਨਾਲ ਭਾਗ ਲੈਂਦੇ ਹਨ। ਇਸ ਮੌਕੇ 'ਗੁਰੂ ਕਾ ਲੰਗਰ' ਅਤੁੱਟ ਵਰਤਦਾ ਹੈ ਤੇ ਸਿੱਖ ਕੁਮੇਟੀਆਂ ਵਲੋਂ ਸਿੱਖ ਐਮ ਪੀਜ਼ ਅਤੇ ਐਮ ਪੀ ਪੀਜ਼ ਨੂੰ ਸਨਮਾਨ ਵੀ ਕੀਤਾ ਜਾਂਦਾ ਹੈ।

ਸਿੱਖ, 1947 ਵਿੱਚ ਸੰਘੀ ਚੋਣਾਂ ਵਿੱਚ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਕਰਨ ਵਿੱਚ ਸਫਲ ਹੋਏ। 1908 ਵਿੱਚ ਸਿੱਖ ਭਾਈਚਾਰੇ ਨੇ ਵੈਨਕੂਵਰ ਵਿੱਚ ਕੈਨੇਡਾ ਦਾ ਪਹਿਲਾ ਸਿੱਖ ਗੁਰੂਘਰ ਸਥਾਪਿਤ ਕੀਤਾ। ਕੁੱਲ ਮਿਲਾ ਕੇ ਅਸੀਂ ਕਹਿ ਸਕਦੇ ਹਾਂ ਕਿ ਕੈਨੇਡਾ ਦਾ ਸਿੱਖ ਭਾਈਚਾਰਾ ਜਿੱਥੇ ਉੱਥੋਂ ਦੇ ਸਮਾਜਿਕ, ਸੱਭਿਆਚਾਰਕ, ਰਾਜਨੀਤਕ ਤੇ ਆਰਥਿਕ ਖੇਤਰ ਵਿੱਚ ਮੱਲਾਂ ਮਾਰ ਰਿਹਾ ਹੈ, ਉੱਥੇ ਸਿੱਖ ਧਰਮ ਦੀਆਂ ਸਿੱਖਿਆਵਾਂ ਨੂੰ ਵੀ ਪ੍ਰਫੁੱਲਿਤ ਕਰ ਰਿਹਾ ਹੈ।

# ਵਿਗਿਆਨੀਆਂ ਨੇ ਇੱਕ ਨਵਾਂ ਰੀਸਾਈਕਲ ਕਰਨ ਯੋਗ ਪਲਾਸਟਿਕ ਬਣਾਇਆ ਜੋ ਕੱਚੇ ਤੇਲ ਤੋਂ ਨਹੀਂ ਬਣਿਆ

ਦੁਨੀਆ ਪਲਾਸਟਿਕ ਦੀ ਬੁਰੀ ਤਰ੍ਹਾਂ ਆਦੀ ਹੈ। ਅਸੀਂ ਉਹਨਾਂ ਨੂੰ ਰੀਸਾਈਕਲ ਕਰਨ ਦੀ ਕੋਸ਼ਿਸ਼ ਕਰੋ, ਪਲਾਸਟਿਕ ਨਵੇਂ ਬਣਾਉਣ ਲਈ ਸਸਤਾ ਹੁੰਦਾ ਹੈ, ਇਸਲਈ ਪਲਾ-ਸਟਿਕ ਦੇ ਰਹਿੰਦ-ਖੂੰਹਦ ਦੀ ਅਸੰਭਵ ਮਾਤਰਾ ਲੈਂਡਫਿਲ ਵਿੱਚ ਸੁੱਟ ਦਿੱਤੀ ਜਾਂਦੀ ਹੈ ਅਤੇ ਸਾਡੇ ਸਮੁੰਦਰਾਂ ਨੂੰ ਰੋਕ ਰਹੀ ਹੈ। ਹੁਣ ਤੱਕ ਬਣਾਏ ਗਏ ਸਾਰੇ ਨਵੇਂ ਪਲਾਸਟਿਕਾਂ ਤੋਂ, 6 ਬਿਲੀਅਨ ਮੀਟ੍ਰਿਕ ਟਨ ਤੋਂ ਵੱਧ ਪਲਾਸਟਿਕ ਕੂੜਾ (ਜੋ ਕਿ ਸੜਦਾ ਨਹੀਂ ਹੈ ਪਰ ਸਿਰਫ ਛੋਟੇ ਅਤੇ ਛੋਟੇ ਟੁਕੜਿਆਂ ਵਿੱਚ ਟੁੱਟਦਾ ਹੈ) ਤਿਆਰ ਕੀਤਾ ਗਿਆ ਹੈ, ਹੁਣ ਤੱਕ 10 ਪ੍ਰਤੀਸ਼ਤ ਤੋਂ ਵੀ ਘੱਟ ਰੀਸਾਈਕਲ ਕੀਤਾ ਗਿਆ ਹੈ। ਨਾ ਸਿਰਫ ਨਵੇਂ ਪਲਾਸਟਿਕ ਦਾ ਨਿਰਮਾਣ ਅਵਿਸ਼ਵਾਸ਼ਯੋਗ ਤੌਰ 'ਤੇ ਫਾਲਤੂ ਹੈ, ਪਰ ਇਹ ਜੈਵਿਕ ਇੰਧਨ ਤੋਂ ਪ੍ਰਾਪਤ ਸਟਾਰਟਰ ਸਮੱਗਰੀ ਦੀ ਵਰਤੋਂ ਕਰਦਾ ਹੈ ਜਿਨ੍ਹਾਂ ਨੂੰ ਜ਼ਮੀਨ ਵਿੱਚ ਰਹਿਣ ਦੀ ਜ਼ਰੂਰਤ ਹੁੰਦੀ ਹੈ ਜੇਕਰ ਅਸੀਂ ਜਲਵਾਯੂ ਤਬਦੀਲੀ ਨੂੰ ਰੋਕਣਾ ਚਾਹੁੰਦੇ ਹਾਂ। ਉਸ ਗਲੋਬਲ ਸਮੱਸਿਆ ਵਿੱਚ ਇੱਕ ਛੋਟਾ ਜਿਹਾ ਡੰਕਾ ਬਣਾਉਣ ਲਈ, ਅਮਰੀਕਾ ਵਿੱਚ ਬੋਇਸ ਸਟੇਟ ਯੂਨੀਵਰਸਿਟੀ ਦੇ ਦੋ ਸਮੱਗਰੀ ਵਿਗਿਆਨੀਆਂ ਨੇ ਹੁਣੇ ਹੀ ਇੱਕ ਨਵੀਂ ਕਿਸਮ ਦਾ ਪਲਾਸਟਿਕ ਵਿਕਸਤ ਕੀਤਾ ਹੈ, ਜੋ ਕਿ ਮੌਜੂਦਾ ਪਲਾਸਟਿਕ ਦੇ ਉਲਟ, ਕੱਚੇ ਤੇਲ ਅਤੇ ਇਸਦੇ ਡੈਰੀਵੇਟਿਵਜ਼ ਤੋਂ ਨਹੀਂ ਬਣਿਆ ਹੈ। ਹੋਰ ਕੀ ਹੈ, ਉਦਯੋਗਿਕ ਪ੍ਰਕਿਰਿਆਵਾਂ ਦੀ ਨਕਲ ਕਰਨ ਵਾਲੇ ਛੋਟੇ ਪੈਮਾਨੇ ਦੇ ਪ੍ਰਯੋਗਸ਼ਾਲਾ ਸੁਝਾਅ ਦਿੰਦੇ ਹਨ ਕਿ ਲਗਭਗ 93 ਪ੍ਰਤੀਸ਼ਤ ਨਵੇਂ ਪਲਾਸਟਿਕ ਨੂੰ ਸਾਫ਼ ਸਟਾਰਟਰ ਸਮੱਗਰੀ ਵਿੱਚ ਰੀਸਾਈਕਲ ਕੀਤਾ ਜਾ ਸਕਦਾ ਹੈ - ਭਾਵੇਂ ਪਲਾਸਟਿਕ ਨੂੰ ਹੋਰ ਗੈਰ-ਪ੍ਰੋਸੈਸਡ ਪਲਾਸਟਿਕ ਰਹਿੰਦ-ਖੂੰਹਦ, ਕਾਗਜ਼ ਅਤੇ ਅਲਮੀਨੀਅਮ ਵਿੱਚ ਮਿਲਾਇਆ ਜਾਂਦਾ ਹੈ। ਆਪਣੇ ਪੇਪਰ ਵਿੱਚ, ਐਲੀਸਨ ਕ੍ਰਿਸਟੀ ਅਤੇ ਸਕੌਟ ਫਿਲਿਪਸ ਪੌਲੀ (ਈਥਾਈਲ ਸਾਈਨੋਕ੍ਰੀਲੇਟ) ਜਾਂ ਪੀਈਸੀਏ 'ਤੇ ਅਧਾਰਤ ਇੱਕ ਨਵੀਂ ਕਿਸਮ ਦੇ ਪਲਾਸਟਿਕ ਬਣਾਉਣ ਦਾ ਵਰਣਨ ਕਰਦੇ ਹਨ, ਜੋ ਸੁਪਰ ਗਲੂ ਬਣਾਉਣ ਲਈ ਵਰਤੇ ਜਾਂਦੇ ਮੋਨੋਮਰ ਤੋਂ ਤਿਆਰ ਕੀਤਾ ਜਾਂਦਾ ਹੈ। ਫਓਛਓ ਤੋਂ ਬਣੀ ਕਟਲਰੀ। (ਐਲੀਸਨ ਕ੍ਰਿਸਟੀ/ਬੋਇਸ ਸਟੇਟ ਯੂਨੀਵਰਸਿਟੀ) ਸਾਰੇ ਪਲਾਸਟਿਕ ਪੋਲੀਮਰਾਂ ਵਾਂਗ, ਨਵਾਂ ਉਤਪਾਦ ਪੌਲੀਮਰਾਈਜ਼ੇਸ਼ਨ ਦੀ ਇੱਕ ਪ੍ਰਕਿਰਿਆ ਦੁਆਰਾ ਬਣਾਇਆ ਜਾਂਦਾ ਹੈ ਜਿੱਥੇ ਇੱਕ ਲੰਬੀ ਚੇਨ ਬਣਾਉਣ ਲਈ ਇੱਕ ਰਸਾਇਣਕ ਪ੍ਰਤੀਕ੍ਰਿਆ ਵਿੱਚ ਸਿੰਗਲ, ਦੁਹਰਾਉਣ ਵਾਲੀਆਂ ਮੋਨੋਮਰ ਯੂਨਿਟਾਂ ਨੂੰ ਇਕੱਠਾ ਕੀਤਾ ਜਾਂਦਾ ਹੈ। ਜੇਕਰ ਉਦਯੋਗਿਕ ਪੈਮਾਨੇ 'ਤੇ ਨਿਰਮਿਤ ਹੈ, ਤਾਂ ਕ੍ਰਿਸਟੀ ਅਤੇ ਫਿਲਿਪਸ ਸੁਝਾਅ ਦਿੰਦੇ ਹਨ ਕਿ ਉਹਨਾਂ ਦਾ ਨਵਾਂ, ਰੀਸਾਈਕਲ ਕਰਨ ਯੋਗ ਫਓਛਓ ਪਲਾਸਟਿਕ ਪੋਲੀਸਟਾਈਰੀਨ ਪਲਾਸਟਿਕ ਦੀ ਥਾਂ ਲੈ ਸਕਦਾ ਹੈ ਜੋ ਜ਼ਿਆਦਾਤਰ ਕਰਬਸਾਈਡ ਰੀਸਾਈਕਲਿੰਗ



ਪ੍ਰੋਗਰਾਮਾਂ ਵਿੱਚ ਸਵੀਕਾਰ ਨਹੀਂ ਕੀਤੇ ਜਾਂਦੇ ਹਨ। ਪੋਲੀਸਟਾਈਰੀਨ ਪਲਾ-ਸਟਿਕ ਕੁਝ ਰੂਪਾਂ ਵਿੱਚ ਆਉਂਦੇ ਹਨ: ਵਿਸਤ੍ਰਿਤ ਪੋਲੀਸਟਾਈਰੀਨ, ਜਿਸਨੂੰ ਸਟਾਇਰੋਫੋਮ ਵੀ ਕਿਹਾ ਜਾਂਦਾ ਹੈ, ਜਿਸਦੀ ਵਰਤੋਂ ਇੱਕ ਹਲਕੇ ਪੈਕਿੰਗ ਸਮੱਗਰੀ ਵਜੋਂ ਕੀਤੀ ਜਾਂਦੀ ਹੈ ਜਾਂ ਭੋਜਨ ਦੇ ਡੱਬੇ ਬਣਾਉਣ ਲਈ ਕੀਤੀ ਜਾਂਦੀ ਹੈ; ਅਤੇ ਥਰਮਲ ਤੌਰ 'ਤੇ ਮੋਲਡ ਪੋਲੀਸਟੀਰੀਨ, ਡਿਸਪੋਜ਼ੇਬਲ ਪਲੇਟਾਂ, ਕੱਪ ਅਤੇ ਕਟਲਰੀ ਬਣਾਉਣ ਲਈ ਵਰਤੀ ਜਾਂਦੀ ਹੈ। ਹਾਲਾਂਕਿ ਇਹਨਾਂ ਉਤਪਾਦਾਂ ਨੂੰ ਆਸਾਨੀ ਨਾਲ ਰੀਸਾਈਕਲ ਕਰਨ ਯੋਗ ਵਿਕਲਪ ਨਾਲ ਬਦਲਣਾ ਬਹੁਤ ਵਧੀਆ ਹੋਵ-ੇਗਾ, ਪੋਲੀਸਟੀਰੀਨ ਮੌਜੂਦਾ ਪਲਾ-ਸਟਿਕ ਦੇ ਕੂੜੇ ਦਾ ਸਿਰਫ 6 ਪ੍ਰਤੀਸ਼ਤ ਹੈ, ਜੋ ਕਿ ਇੱਕ ਬਹੁਤ ਵੱਡੀ ਸਮੱਸਿਆ ਦਾ ਇੱਕ ਛੋਟਾ ਹਿੱਸਾ ਹੈ। ਹਾਲਾਂਕਿ, ਕ੍ਰਿਸਟੀ ਅਤੇ ਫਿਲਿਪਸ ਸੋਚਦੇ ਹਨ ਕਿ ਸਮੇਂ ਦੇ ਬੀਤਣ ਨਾਲ, ਉਨ੍ਹਾਂ ਦਾ ਨਵਾਂ ਫਓਛਓ ਪਲਾਸਟਿਕ ਪੋਲੀਸਟੀਰੀਨ ਤੋਂ ਪਰੇ ਪਲਾਸਟਿਕ ਦੇ ਹੋਰ ਰੂਪਾਂ ਲਈ ਇੱਕ ਪ੍ਰਤੀਯੋਗੀ ਵਿਕਲਪ ਪੇਸ਼ ਕਰ ਸਕਦਾ ਹੈ। ਕ੍ਰਿਸਟੀ ਅਤੇ ਫਿਲਿਪਸ ਆਪਣੇ ਪੇਪਰ ਵਿੱਚ ਲਿਖਦੇ ਹਨ, "ਸ਼ਾਨਦਾਰ ਪਦਾਰਥਾਂ ਦੀਆਂ ਵਿਸ਼ੇਸ਼ਤਾਵਾਂ ਅਤੇ ਰੀਸਾਈਕਲਿੰਗ ਦੀ ਸੌਖ ਦੇ ਕਾਰਨ, ਪੀਈਸੀਏ ਪੋਲੀਸਟਾਈਰੀਨ ਨੂੰ ਬਦਲਣ ਤੋਂ ਇਲਾਵਾ ਹੋਰ ਪ੍ਰਸੰਗਾਂ ਵਿੱਚ ਲਾਭਦਾਇਕ ਹੋ ਸਕਦਾ ਹੈ, ਜੋ ਕਿ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਰੀਸਾਈਕਲ ਕਰਨ ਦੀ ਹੱਦ ਤੱਕ ਹੋਰ ਸੁਧਾਰ ਕਰੇਗਾ।" ਇਹ ਸਭ ਕੁਝ ਟੈਸਟ ਕਰਨਾ ਬਾਕੀ ਹੈ। ਕ੍ਰਿਸਟੀ ਅਤੇ ਫਿਲਿਪਸ ਦੇ ਸ਼ੁਰੂਆਤੀ ਲੈਬ ਪ੍ਰਯੋਗਾਂ ਤੋਂ ਪਤਾ ਚੱਲਦਾ ਹੈ ਕਿ ਨਵੇਂ ਫਓਛਓ ਪਲਾਸਟਿਕ ਵਿੱਚ ਮੌਜੂਦਾ ਪਲਾਸਟਿਕ ਦੇ ਮੁਕਾਬਲੇ ਗੁਣ ਹਨ, ਅਤੇ ਗਰਮ, ਨਮੀ ਵਾਲੇ ਵਾਤਾਵਰਣ ਵਿੱਚ ਸਥਿਰ ਹੈ। ਇਹ ਟਿਕਾਊਤਾ ਅਤੇ ਨਿਘਾਰ ਦਾ ਵਿਰੋਧ ਉਹ ਹੈ ਜੋ ਪਲਾਸਟਿਕ ਨੂੰ ਬਹੁਤ ਬਹੁਮੁਖੀ ਬਣਾਉਂਦਾ ਹੈ ਪਰ ਨਸ਼ਟ ਕਰਨਾ ਮੁਸ਼ਕਲ ਜਾਂ ਅਸੰਭਵ ਵੀ ਹੈ। ਫਿਰ ਵੀ ਉਹਨਾਂ ਵਿੱਚ ਨਵੇਂ ਪਲਾਸਟਿਕ ਲਈ ਬਿਲਡਿੰਗ ਬਲਾਕ ਹੁੰਦੇ ਹਨ, ਇੱਕ ਸਾਫ਼-ਸੁਥਰੀ ਕਤਾਰ ਵਿੱਚ ਜੁੜੇ ਹੋਏ, ਜੇਕਰ ਤੁਸੀਂ ਉਹਨਾਂ ਨੂੰ ਵੱਖ ਕਰਨ ਦਾ ਕੋਈ ਤਰੀਕਾ ਲੱਭਦੇ ਹੋ। ਪਰ ਜ਼ਿਆਦਾਤਰ ਪਲਾ-ਸਟਿਕ ਜਾਂ ਤਾਂ ਸਾੜ ਦਿੱਤੇ ਜਾਂਦੇ ਹਨ ਜਾਂ ਰੱਦ ਕੀਤੇ ਜਾਂਦੇ ਹਨ। ਜਦੋਂ ਰੀਸਾਈਕਲਿੰਗ ਦੀ ਗੱਲ ਆਉਂਦੀ ਹੈ, ਤਾਂ ਕ੍ਰਿਸਟੀ ਅਤੇ ਫਿਲਿਪਸ ਨੇ ਦਿਖਾਇਆ ਕਿ ਕਿਵੇਂ ਫਓਛਓ ਪਲਾ-ਸਟਿਕ ਦੀਆਂ ਲੰਬੀਆਂ ਪੌਲੀਮਰ ਚੇਨਾਂ ਨੂੰ 210 º ਛ ਦੇ ਤਾਪਮਾਨ 'ਤੇ ਥਰਮਲ ਤੌਰ 'ਤੇ 'ਕਰੈਕ' ਕੀਤਾ ਜਾ ਸਕਦਾ ਹੈ ਅਤੇ ਨਤੀਜੇ ਵਜੋਂ ਮੋਨੋਮਰਾਂ ਨੂੰ ਦੁਬਾਰਾ ਵਰਤਣ ਲਈ ਇੱਕ ਸਾਫ਼ ਉਤਪਾਦ ਵਿੱਚ ਡਿਸਟਿਲ ਕੀਤਾ ਜਾ ਸਕਦਾ ਹੈ। ਰੀਸਾਈਕਲਿੰਗ ਪਲਾਸਟਿਕ ਹੈ ਅਸਲ ਵਿੱਚ ਇੱਕ ਉੱਤਮ ਰਣਨੀਤੀ ਹੈ, ਪਰ ਖਪਤਕਾਰਾਂ ਲਈ ਬੋਰਡ ਵਿੱਚ ਆਉਣ ਲਈ ਸਹੀ ਪ੍ਰਣਾਲੀਆਂ ਦੀ ਲੋੜ ਹੁੰਦੀ ਹੈ। ਨਾਰਵੇ ਨੇ ਅਜਿਹੀਆਂ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਤਰੱਕੀ ਕੀਤੀ ਹੈ ਜਿਸ ਵਿੱਚ 97 ਪ੍ਰਤੀਸ਼ਤ ਪਲਾਸਟਿਕ ਦੀਆਂ ਬੋਤਲਾਂ ਨੂੰ ਰੀਸਾਈਕਲ ਕੀਤਾ ਗਿਆ ਹੈ। ਇਸ ਦੌਰਾਨ, ਗ੍ਰੀਨਪੀਸ ਯੂਐਸਏ ਦੀ ਇੱਕ ਤਾਜ਼ਾ ਰਿਪੋਰਟ ਵਿੱਚ ਪਾਇਆ ਗਿਆ ਹੈ ਕਿ ਚੀਨ ਦੇ ਰੀਸਾਈਕਲਿੰਗ ਉਦਯੋਗ ਦੁਆਰਾ ਦੂਜੇ ਦੇਸ਼ਾਂ ਦੇ ਪਲਾਸਟਿਕ ਕੂੜੇ ਨੂੰ ਲੈਣਾ ਬੰਦ ਕਰਨ ਤੋਂ ਬਾਅਦ, ਸੰਯੁਕਤ ਰਾਜ ਵਿੱਚ ਵਰਤਮਾਨ ਵਿੱਚ ਲਗਭਗ 5 ਪ੍ਰਤੀਸ਼ਤ ਪਲਾਸਟਿਕ ਰੀਸਾਈਕਲ ਕੀਤੇ ਜਾਂਦੇ ਹਨ। ਉਸ ਪਲਾਸਟਿਕ ਦੇ ਕੂੜੇ ਦਾ ਵੱਡਾ ਹਿੱਸਾ ਮੁੱਠੀ ਭਰ ਗਲੋਬਲ ਕੰਪਨੀਆਂ ਨੂੰ ਲੱਭਿਆ ਜਾ ਸਕਦਾ ਹੈ, ਜਿਸ ਨਾਲ ਕੁਝ ਮਾਹਰ ਇਹ ਦਲੀਲ ਦਿੰਦੇ ਹਨ ਕਿ ਉਨ੍ਹਾਂ ਕੰਪਨੀਆਂ 'ਤੇ ਇਹ ਜ਼ਿੰਮੇਵਾਰੀ ਹੈ ਕਿ ਉਹ ਢੁਕਵੇਂ ਵਿਕਲਪ ਵਿਕਸਤ ਕਰਨ ਅਤੇ ਉਨ੍ਹਾਂ ਦੇ ਸਿੰਗਲ-ਯੂਜ਼ ਪਲਾਸਟਿਕ ਦੇ ਉਤਪਾਦਨ ਨੂੰ ਘਟਾ ਕੇ ਇਸ ਦੇ ਮੂਲ ਕਾਰਨ ਨਾਲ ਨਜਿੱਠਣ। ਸੰਸਾਰ ਦਾ ਕੂੜਾ ਸੰਕਟ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਐਜੂਕੇਸ਼ਨਲ ਕਾਲਮਨਿਸਟ*
*ਮਲੋਟ, ਪੰਜਾਬ।*



## ਸੁਸ਼ੀਲ ਰਿੰਕੂ ਨੂੰ ਪੰਜਾਬ ਕਾਂਗਰਸ ਨੇ ਪਾਰਟੀ ਵਿਚੋਂ ਕੱਢਿਆ ਅਤੇ ਨਾਲ ਲੱਗਦੇ ਹੀ 'ਆਪ' ਵਿਚ ਹੋਏ ਸ਼ਾਮਿਲ

ਚੰਡੀਗੜ੍ਹ, 5 ਅਪ੍ਰੈਲ (ਪੋਸਟ ਬਿਊਰੋ): ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦੀਆਂ ਚਰਚਾਵਾਂ ਵਿਚਾਲੇ ਕਾਂਗਰਸ ਨੇ ਆਪਣੇ ਸਾਬਕਾ ਵਿਧਾਇਕ ਸੁਸ਼ੀਲ ਰਿੰਕੂ ਨੂੰ ਪਾਰਟੀ 'ਚੋਂ ਕੱਢ ਦਿੱਤਾ ਹੈ ਅਤੇ ਉਹ ਨਾਲ ਲੱਗਦੇ ਹੀ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ ਹਨ। ਉਧਰ ਪੰਜਾਬ ਕਾਂਗਰਸ ਦੇ ਕੇਂਦਰੀ ਇੰਚਾਰਜ ਹਰੀਸ਼ ਚੌਧਰੀ ਨੇ ਰਿੰਕੂ ਨੂੰ ਪਾਰਟੀ 'ਚੋਂ ਕੱਢਣ ਦਾ ਹੁਕਮ ਜਾਰੀ ਕੀਤਾ ਸੀ ਅਤੇ ਆਪਣੇ ਪੱਤਰ 'ਚ ਰਿੰਕੂ 'ਤੇ ਪਾਰਟੀ ਵਿਰੋਧੀ ਗਤੀਵਿਧੀਆਂ 'ਚ ਸ਼ਾਮਲ ਹੋਣ ਦਾ ਦੋਸ਼ ਲਗਾਇਆ ਹੈ।

ਪਿਛਲੇ 1 ਹਫਤੇ ਤੋਂ ਸੁਸ਼ੀਲ ਰਿੰਕੂ ਬਾਰੇ ਚਰਚਾ ਹੈ ਕਿ ਉਹ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ। ਦੇਰ ਰਾਤ ਤੋਂ ਹੀ ਚਰਚਾ ਹੈ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਬੁੱਧਵਾਰ ਸ਼ਾਮ ਨੂੰ ਫਗਵਾੜਾ ਪਹੁੰਚ ਰਹੇ ਹਨ ਅਤੇ ਇਸੇ ਪ੍ਰੋਗਰਾਮ 'ਚ ਸੁਸ਼ੀਲ ਰਿੰਕੂ ਨੂੰ ਪਾਰਟੀ 'ਚ ਸ਼ਾਮਲ ਕੀਤਾ ਜਾਵੇਗਾ। ਸੁਸ਼ੀਲ ਰਿੰਕੂ ਦਾ ਕਾਂਗਰਸ ਛੱਡਣਾ ਪਾਰਟੀ ਲਈ ਵੱਡਾ ਝਟਕਾ ਸਾਬਤ ਹੋ ਸਕਦਾ ਹੈ ਅਤੇ ਲੋਕ ਸਭਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਹੀ ਸੁਸ਼ੀਲ ਰਿੰਕੂ ਨੂੰ ਕਾਂਗਰਸ ਦੇ ਖਿਲਾਫ ਮੈਦਾਨ 'ਚ ਉਤਾਰ ਸਕਦੀ ਹੈ। ਭਾਵੇਂ ਸੁਸ਼ੀਲ ਰਿੰਕੂ ਦੀ ਐਂਟਰੀ ਨਾਲ ਆਮ ਆਦਮੀ ਪਾਰਟੀ ਵਿੱਚ ਵੀ ਨਾਰਾਜ਼ਗੀ ਵਧ ਸਕਦੀ ਹੈ ਪਰ ਰਿੰਕੂ ਨੂੰ ਲੈ ਕੇ ਪਾਰਟੀ ਵਿੱਚ ਚੱਲ ਰਹੀ ਨਾਰਾਜ਼ਗੀ ਨੂੰ ਝੱਲਣ ਲਈ 'ਆਪ' ਹਾਈਕਮਾਂਡ ਵੀ ਤਿਆਰ ਹੈ।

ਅਗਾਮੀ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅੱਜ ਜਲੰਧਰ ਪਹੁੰਚੇ ਹਨ। ਇਸ ਦੌਰਾਨ ਕਾਂਗਰਸੀ ਸਾਬਕਾ ਵਿਧਾਇਕ ਸੁਸ਼ੀਲ ਕੁਮਾਰ ਰਿੰਕੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਜ਼ਿਕਰਯੋਗ ਹੈ ਕਿ ਕਾਂਗਰਸ ਹਾਈਕਮਾਂਡ ਸੁਸ਼ੀਲ ਰਿੰਕੂ ਆਮ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਪਾਰਟੀ ਤੋਂ ਬਾਹਰ ਕੱਢ ਦਿੱਤਾ ਹੈ।

## ਮੁੱਖ ਮੰਤਰੀ ਭਗਵੰਤ ਮਾਨ ਅਤੇ ਕੇਜਰੀਵਾਲ ਵਲੋਂ 'ਸੀ.ਐਮ. ਦੀ ਯੋਗਸ਼ਾਲਾ' ਦਾ ਆਗਾਜ਼

* ਸਿਹਤਮੰਦ, ਗਤੀਸ਼ੀਲ ਤੇ ਖ਼ੁਸ਼ਹਾਲ ਪੰਜਾਬ ਬਣਾਉਣ ਲਈ ਮੀਲ ਦਾ ਪੱਥਰ ਸਾਬਤ ਹੋਵੇਗੀ : ਭਗਵੰਤ ਮਾਨ

ਪਟਿਆਲਾ, 5 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਉਮੀਦ ਪ੍ਰਗਟਾਈ ਕਿ 'ਸੀ.ਐਮ. ਦੀ ਯੋਗਸ਼ਾਲਾ' ਸਿਹਤਮੰਦ, ਗਤੀਸ਼ੀਲ, ਖ਼ੁਸ਼ਹਾਲ ਤੇ ਪ੍ਰਗਤੀਸ਼ੀਲ ਪੰਜਾਬ ਦੀ ਸਿਰਜਣਾ ਲਈ ਮੀਲ ਦਾ ਪੱਥਰ ਸਾਬਤ ਹੋਵੇਗੀ।

ਇਸ ਪ੍ਰੋਗਰਾਮ 'ਸੀ.ਐਮ. ਦੀ ਯੋਗਸ਼ਾਲਾ' ਲਈ ਪੋਰਟਲ ਜਾਰੀ ਕਰਨ ਮਗਰੋਂ ਇਕੱਠ ਦੌਰਾਨ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਹਾਜ਼ਰੀ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਨਾਗਰਿਕ ਪੱਖੀ ਇਹ ਅਹਿਮ ਪ੍ਰਾਜੈਕਟ ਦਿੱਲੀ ਦੇ ਮੁੱਖ ਮੰਤਰੀ ਦੇ ਮਨ ਦੀ ਉਪਜ ਹੈ ਅਤੇ ਇਸ ਨੇ ਲੋਕਾਂ ਵਿਚਾਲੇ ਕਾਫ਼ੀ ਮਕਬੂਲੀਅਤ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਲੋਕ ਪੱਖੀ ਪਹਿਲਕਦਮੀ ਦਾ ਕੌਮੀ ਰਾਜਧਾਨੀ ਦੀ ਵੱਡੀ ਗਿਣਤੀ ਜਨਤਾ ਲਾਭ ਲੈ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸਿਰਫ਼ ਪੰਜਾਬ ਨੇ ਇਸ ਸਕੀਮ ਨੂੰ ਸੂਬੇ ਵਿੱਚ ਲਾਗੂ ਕੀਤਾ ਹੈ ਤਾਂ ਕਿ ਹਰੇਕ ਪੰਜਾਬੀ ਨੂੰ ਇਸ ਦਾ ਲਾਭ ਮਿਲਣਾ ਯਕੀਨੀ ਬਣਾਇਆ ਜਾ ਸਕੇ।



ਮੁੱਖ ਮੰਤਰੀ ਨੇ ਕਿਹਾ ਕਿ ਮੁਫ਼ਤ ਵਿੱਚ ਯੋਗ ਸਿਖਲਾਈ ਲੈਣ ਲਈ ਲੋਕ ਟੋਲ ਫਰੀ ਨੰਬਰ 76694-00500 ਜਾਂ ਉਤੇ ਲਾਗਇਨ ਕਰ ਸਕਦੇ ਹਨ। ਉਨ੍ਹਾਂ ਨੇ ਮੀਲ ਦਾ ਪੱਥਰ ਸਾਬਤ ਹੋਣ ਵਾਲੇ ਇਸ ਕਦਮ ਨੂੰ ਸਿਹਤਮੰਦ ਤੇ ਖ਼ੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਲੋਕ ਲਹਿਰ ਪੈਦਾ ਕਰਨ ਦਾ ਸਬੱਬ ਦੱਸਿਆ। ਉਨ੍ਹਾਂ ਆਸ ਪ੍ਰਗਟਾਈ ਕਿ ਭਾਰਤ ਦੀ ਇਸ ਸ਼ਾਨਾਮੱਤੀ ਪੁਰਾਣੀ ਰਵਾਇਤ ਉਤੇ ਚੱਲਦਿਆਂ ਇਹ ਯੋਗਸ਼ਾਲਾਵਾਂ ਪੰਜਾਬੀਆਂ ਨੂੰ ਸਰੀਰਕ ਤੇ ਮਾਨਸਿਕ ਤੌਰ ਉਤੇ ਸਿਹਤਮੰਦ ਬਣਾਉਣ ਵਿੱਚ ਮਦਦਗਾਰ ਸਾਬਤ ਹੋਣਗੀਆਂ। ਭਗਵੰਤ ਮਾਨ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਸਿੱਖਿਅਤ ਯੋਗ ਇੰਸਟ੍ਰਕਟਰ ਖੁੱਲ੍ਹੇ ਪਾਰਕਾਂ ਤੇ ਹੋਰ ਜਨਤਕ ਥਾਵਾਂ ਉਤੇ ਲੋਕਾਂ ਨੂੰ ਮੁਫ਼ਤ ਵਿੱਚ ਯੋਗ ਸਿਖਲਾਈ ਦੇਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਦਾ ਮੁੱਢਲਾ ਮੰਤਵ ਪੰਜਾਬ ਨੂੰ ਸਿਹਤਮੰਦ, ਖ਼ੁਸ਼ਹਾਲ ਤੇ ਪ੍ਰਗਤੀਸ਼ੀਲ ਬਣਾਉਣ ਲਈ ਯੋਗ ਨੂੰ ਜਨਤਕ ਮੁਹਿੰਮ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਰੀਰ ਤੇ ਦਿਮਾਗ ਨੂੰ ਤੰਦਰੁਸਤ ਰੱਖਣ ਲਈ ਯੋਗ ਬਹੁਤ ਜ਼ਰੂਰੀ ਹੈ ਅਤੇ ਹਰੇਕ ਵਿਅਕਤੀ ਨੂੰ ਸਿਹਤਮੰਦ ਰਹਿਣ ਲਈ ਯੋਗ ਨੂੰ ਆਪਣੇ ਜੀਵਨ ਦਾ ਅਨਿੱਖੜ ਅੰਗ ਬਣਾਉਣਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ 'ਸੀ.ਐਮ. ਦੀ ਯੋਗਸ਼ਾਲਾ' ਮੁਹਿੰਮ ਯੋਗ ਆਸਣਾਂ ਰਾਹੀਂ ਚੰਗੀ ਸਿਹਤ ਤੇ ਸਾਫ਼-ਸਫ਼ਾਈ ਯਕੀਨੀ ਬਣਾਉਣ ਬਾਰੇ ਲੋਕਾਂ ਵਿਚਾਲੇ ਜਾਗਰੂਕਤਾ ਪੈਦਾ ਕਰਨ ਲਈ ਅਹਿਮ ਭੂਮਿਕਾ ਨਿਭਾਏਗੀ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੁੱਢਲੇ ਪੜਾਅ ਵਿੱਚ ਪਟਿਆਲਾ, ਫਗਵਾੜਾ, ਅੰਮ੍ਰਿਤਸਰ ਤੇ ਲੁਧਿਆਣਾ ਵਰਗੇ ਚਾਰ ਸ਼ਹਿਰਾਂ ਵਿੱਚ ਯੋਗਸ਼ਾਲਾ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਨੂੰ ਸੂਬੇ ਦੇ ਹੋਰ ਹਿੱਸਿਆਂ ਤੱਕ ਵਧਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਸਿੱਖਿਅਤ ਯੋਗ ਇੰਸਟ੍ਰਕਟਰ ਲੋਕਾਂ ਨੂੰ ਮੁਫ਼ਤ ਵਿੱਚ ਯੋਗ ਆਸਣ ਸਿਖਾਉਣਗੇ। ਕੇਜਰੀਵਾਲ ਨੇ ਕਿਹਾ ਕਿ ਦਿੱਲੀ ਦੇ ਉਪ ਰਾਜਪਾਲ ਵੱਲੋਂ ਇਨ੍ਹਾਂ ਨੂੰ ਰੋਕ ਦੇਣ ਤੱਕ ਦਿੱਲੀ ਦੇ 17 ਹਜ਼ਾਰ ਵਿਅਕਤੀ ਮੁਫ਼ਤ ਵਿੱਚ ਯੋਗ ਦੀ ਸਿਖਲਾਈ ਲੈ ਚੁੱਕੇ ਸਨ।

## ਚਾਰਲਸ ਤੀਜੇ ਦੀ ਤਸਵੀਰ ਵਾਲੀਆਂ ਡਾਕ ਟਿਕਟਾਂ ਦੀ ਵਿਕਰੀ ਸ਼ੁਰੂ

ਲੰਡਨ, 5 ਅਪ੍ਰੈਲ (ਪੋਸਟ ਬਿਊਰੋ): ਬ੍ਰਿਟੇਨ ਦੀ ਰਾਇਲ ਮੇਲ ਨੇ ਮੰਗਲਵਾਰ ਤੋਂ ਕਿੰਗ ਚਾਰਲਸ ਤੀਜੇ ਨੂੰ ਦਰਸਾਉਂਦੀ ਪਹਿਲੀ ਡਾਕ ਟਿਕਟਾਂ ਦੀ ਵਿਕਰੀ ਸ਼ੁਰੂ ਕਰ ਦਿੱਤੀ ਹੈ। ਤੁਹਾਨੂੰ ਦੱਸ ਦੇਈਏ ਕਿ ਮਹਾਰਾਣੀ ਐਲਿਜ਼ਾਬੇਥ ਦੀ ਮੌਤ ਤੋਂ ਬਾਅਦ, ਚਾਰਲਸ ਨੂੰ ਸਤੰਬਰ ਵਿੱਚ ਅਧਿਕਾਰਤ ਤੌਰ 'ਤੇ ਰਾਜਾ ਐਲਾਨ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਉਨ੍ਹਾਂ ਦੇ ਨਾਂ 'ਤੇ ਸਿੱਕੇ ਅਤੇ ਡਾਕ ਟਿਕਟਾਂ ਬਣਨੀਆਂ ਸ਼ੁਰੂ ਹੋ ਗਈਆਂ ਹਨ। ਇਸ ਸਟੈਂਪ 'ਤੇ ਚਿੱਤਰ ਦਾ ਪਰਦਾਫਾਸ਼ ਫਰਵਰੀ ਵਿਚ ਕੀਤਾ ਗਿਆ ਸੀ ਅਤੇ ਖੁਦ ਚਾਰਲਸ ਦੁਆਰਾ ਮਨਜ਼ੂਰ ਕੀਤਾ ਗਿਆ ਸੀ।

ਇਸ ਸਟੈਂਪ 'ਤੇ ਚਿੱਤਰ ਨੂੰ ਅਧਿਕਾਰਤ ਕਿੰਗ ਚਾਰਲਸ ਪੋਰਟਰੇਟ ਤੋਂ ਅਨੁਕੂਲਿਤ ਕੀਤਾ ਗਿਆ ਹੈ ਜੋ ਯੂਕੇ ਦੇ ਨਵੇਂ ਸਿੱਕਿਆਂ 'ਤੇ ਦਿਖਾਈ ਦਿੰਦਾ ਹੈ। ਚਾਰਲਸ ਦੀ ਤਸਵੀਰ ਬ੍ਰਿਟਿਸ਼ ਮੂਰਤੀਕਾਰ ਮਾਰਟਿਨ ਜੇਨਿੰਗਜ਼ ਦੁਆਰਾ ਨਵੇਂ ਯੂਕੇ ਦੇ ਸਿੱਕਿਆਂ ਲਈ ਡਿਜ਼ਾਈਨ ਤੋਂ ਲਈ ਗਈ ਹੈ, ਜੋ ਪਹਿਲਾਂ ਹੀ ਪ੍ਰਚਲਿਤ ਹਨ। ਨਵਾਂ ਡਿਜ਼ਾਇਨ ਚਾਰਲਸ ਨੂੰ ਖੱਬੇ ਪਾਸੇ ਵੱਲ ਵੇਖਦਾ ਹੈ, ਜਿਵੇਂ ਕਿ ਪਹਿਲੀ ਡਾਕ ਟਿਕਟ "ਪੈਨੀ ਬਲੈਕ" ਤੋਂ ਬਾਅਦ ਸਾਰੇ ਬ੍ਰਿਟਿਸ਼ ਰਾਜਿਆਂ ਲਈ ਕੀਤਾ ਗਿਆ ਸੀ। ਤੁਹਾਨੂੰ ਦੱਸ ਦੇਈਏ ਕਿ ਪੈਨੀ ਬਲੈਕ ਨੂੰ 1840 ਵਿੱਚ ਮਹਾਰਾਣੀ ਵਿਕਟੋਰੀਆ ਦੇ ਅਧੀਨ ਦੁਨੀਆ ਦੀ ਪਹਿਲੀ ਡਾਕ ਟਿਕਟ ਦੇ ਰੂਪ ਵਿੱਚ ਜਾਰੀ ਕੀਤਾ ਗਿਆ ਸੀ।

ਨਵੀਂਆਂ ਟਿਕਟਾਂ ਪਹਿਲਾਂ ਹੀ ਵੈੱਬਸਾਈਟ 'ਤੇ ਵਿਕਰੀ ਲਈ ਉਪਲਬਧ ਹਨ। ਪ੍ਰਚੂਨ ਵਿਕਰੇਤਾ ਮਰਹੂਮ ਮਹਾਰਾਣੀ ਐਲਿਜ਼ਾਬੈਥ ਦੀ





ਵਿਸ਼ੇਸ਼ਤਾ ਵਾਲੀਆਂ ਮੌਜੂਦਾ ਸਟੈਂਪਾਂ ਨੂੰ ਵੇਚਣਾ ਜਾਰੀ ਰੱਖਣਗੇ ਅਤੇ ਸਟਾਕ ਖਤਮ ਹੋਣ 'ਤੇ ਨਵੇਂ ਐਡੀਸ਼ਨ ਸਟੈਂਪਸ ਦੀ ਸਪਲਾਈ ਕੀਤੀ ਜਾਵੇਗੀ। ਰਾਇਲ ਮੇਲ ਦੇ ਇੱਕ ਬਿਆਨ ਦੇ ਅਨੁਸਾਰ, ਡਾਕ ਸੇਵਾ ਦੁਆਰਾ ਸਟੈਂਪ ਦੀਆਂ ਕੀਮਤਾਂ ਵਿੱਚ ਵਾਧੇ ਦੇ ਇੱਕ ਦਿਨ ਬਾਅਦ ਹੀ ਰਿਲੀਜ਼ ਹੋਈ ਹੈ।

### ਮਾਣਹਾਨੀ ਦੇ ਮਾਮਲੇ ਵਿਚ ਪੌਰਨ ਸਟਾਰ ਹਾਰੀ, ਸਟਾਰਮੀ ਡੇਨੀਅਲਸ ਟਰੰਪ ਨੂੰ ਦੇਵੇਗੀ ਇੰਨੇ ਪੈਸੇ

ਵਾਸ਼ਿੰਗਟਨ, 5 ਅਪ੍ਰੈਲ (ਪੋਸਟ ਬਿਊਰੋ): ਪੌਰਨ ਫਿਲਮ ਸਟਾਰ ਸਟੋਰਮੀ ਡੇਨੀਅਲਜ਼ ਨੂੰ ਕੈਲੀਫੋਰਨੀਆ ਦੀ ਇੱਕ ਸੰਘੀ ਅਪੀਲ ਅਦਾਲਤ ਨੇ ਸਾਬਕਾ ਅਮਰੀਕੀ ਰਾਸ਼ਟਰਪਤੀ ਟਰੰਪ ਦੇ ਵਕੀਲਾਂ ਨੂੰ ਕਾਨੂੰਨੀ ਫੀਸਾਂ ਵਿੱਚ ਦਾ ਭੁਗਤਾਨ ਕਰਨ ਦਾ ਹੁਕਮ ਦਿੱਤਾ ਹੈ। ਕੈਲੀਫੋਰਨੀਆ ਦੀ ਇੱਕ ਅਦਾਲਤ ਨੇ ਬਾਲਗ ਫਿਲਮ ਸਟਾਰ ਸਟੋਰਮੀ ਡੇਨੀਅਲਜ਼ ਨੂੰ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਵਕੀਲਾਂ ਨੂੰ ਕਾਨੂੰਨੀ ਫੀਸਾਂ ਵਿੱਚ $120,000 ਤੋਂ ਵੱਧ ਦਾ ਭੁਗਤਾਨ ਕਰਨ ਦਾ ਹੁਕਮ ਦਿੱਤਾ ਹੈ। 9ਵੀਂ ਯੂਐਸ ਸਰਕਟ ਕੋਰਟ ਆਫ਼ ਅਪੀਲਜ਼ ਨੇ ਮੰਗਲਵਾਰ (ਸਥਾਨਕ ਸਮਾਂ) ਨੂੰ ਡੈਨੀਅਲਸ ਨੂੰ ਟਰੰਪ ਦੇ ਵਕੀਲਾਂ ਨੂੰ ਕਾਨੂੰਨੀ ਫੀਸਾਂ ਵਿੱਚ $120,000 ਦਾ ਭੁਗਤਾਨ ਕਰਨ ਦਾ ਆਦੇਸ਼ ਦਿੱਤਾ।

## ਭਾਰਤੀ ਮੂਲ ਦੀਆਂ 5 ਔਰਤਾਂ ਅਮਰੀਕੀ ਵਿੱਤ ਦੀਆਂ 100 ਸਭ ਤੋਂ ਪ੍ਰਭਾਵਸ਼ਾਲੀ ਔਰਤਾਂ ਵਿਚ ਸ਼ਾਮਿਲ



ਨਿਊਯਾਰਕ, 5 ਅਪ੍ਰੈਲ (ਪੋਸਟ ਬਿਊਰੋ): ਅਮਰੀਕੀ ਵਿੱਤ (ਯੂ.ਐੱਸ. ਫਾਇਨੈਂਸ) ਦੀ 100 ਸਭ ਤੋਂ ਪ੍ਰਭਾਵਸ਼ਾਲੀ ਔਰਤਾਂ ਦੀ ਬੈਰਨਜ਼ ਦੀ ਚੌਥੀ ਸਾਲਾਨਾ ਸੂਚੀ ਵਿਚ ਭਾਰਤੀ ਮੂਲ ਦੀਆਂ ਪੰਜ ਔਰਤਾਂ ਸ਼ਾਮਲ ਹਨ, ਜਿਹਨਾਂ ਨੇ ਵਿੱਤੀ-ਸੇਵਾ ਉਦਯੋਗ ਵਿੱਚ ਪ੍ਰਮੁੱਖ ਅਹੁਦਿਆਂ ਵਿਚ ਸਥਾਨ ਹਾਸਲ ਕੀਤਾ ਹੈ ਅਤੇ ਇਸ ਦੇ ਭਵਿੱਖ ਨੂੰ ਬਣਾਉਣ ਵਿੱਚ ਮਦਦ ਕਰ ਰਹੀਆਂ ਹਨ। ਸੂਚੀ ਵਿੱਚ ਜੇਪੀ ਮੋਰਗਨ ਦੀ ਅਨੂ ਅਯੰਗਰ, ਏਰੀਅਲ ਇਨਵੈਸਟਮੈਂਟਸ ਦੀ ਰੂਪਲ ਜੇ. ਭੰਸਾਲੀ, ਗੋਲਡਮੈਨ ਸਾਕਸ ਗਰੁੱਪ ਦੀ ਮੀਨਾ ਲੱਕੜਵਾਲਾ-ਫਲਿਨ, ਫਰੈਂਕਲਿਨ ਟੈਂਪਲਟਨ ਤੋਂ ਸੋਨਲ ਦੇਸਾਈ ਅਤੇ ਬੋਫਾ ਸਕਿਓਰਿਟੀਜ਼ ਦੀ ਸਵਿਤਾ ਸੁਬਰਾਮਨੀਅਨ ਸ਼ਾਮਲ ਹਨ।

ਜੇਪੀ ਮੋਰਗਨ ਵਿਖੇ ਅਯੰਗਰ ਵਿਲੀਨਤਾ ਅਤੇ ਪ੍ਰਾਪਤੀ ਦੀ ਗਲੋਬਲ ਹੈੱਡ ਹੈ, ਇੱਕ ਭੂਮਿਕਾ ਜੋ ਉਸਨੇ 2020 ਤੋਂ ਡਿਵੀਜ਼ਨ ਦੇ ਸਹਿ-ਮੁਖੀ ਵਜੋਂ ਸੇਵਾ ਕਰਨ ਤੋਂ ਬਾਅਦ ਜਨਵਰੀ ਵਿੱਚ ਗ੍ਰਹਿਣ ਕੀਤੀ ਸੀ। ਚੁਣੌਤੀਪੂਰਨ ਬਾਜ਼ਾਰਾਂ ਨੂੰ ਨੈਵੀਗੇਟ ਕਰਨ ਵੇਲੇ ਉਹ ਗਾਹਕਾਂ ਨੂੰ ਮੁਹਾਰਤ ਅਤੇ ਸਥਿਰਤਾ ਦੇ ਬਰਾਬਰ ਉਪਾਅ ਪ੍ਰਦਾਨ ਕਰਦੀ ਹੈ। ਏਰੀਅਲ ਇਨਵੈਸਟਮੈਂਟਸ ਦੀ ਗਲੋਬਲ ਇਕੁਇਟੀ ਰਣਨੀਤੀਆਂ ਦੀ ਮੁੱਖ ਨਿਵੇਸ਼ ਅਧਿਕਾਰੀ ਅਤੇ ਪੋਰਟਫੋਲੀਓ ਮੈਨੇਜਰ ਭੰਸਾਲੀ (55) ਮਾਰਕੀਟ ਦੀ ਮੌਜੂਦਾ ਸਥਿਤੀ ਨੂੰ ਇੱਕ ਅਜਿਹੇ ਸਮੇਂ ਦੇ ਰੂਪ ਵਿੱਚ ਵੇਖਦੇ ਹਨ, ਜਦੋਂ ਨਿਵੇਸ਼ਕਾਂ ਨੂੰ ਆਪਣੇ ਪੋਰਟਫੋਲੀਓ ਨੂੰ ਮੁੜ ਸਥਾਪਿਤ ਕਰਨਾ ਚਾਹੀਦਾ ਹੈ। " ਉਸ ਦਾ ਮੰਨਣਾ ਹੈ ਕਿ ਪੈਸੇ ਦਾ ਪ੍ਰਬੰਧਨ ਕਰਨ ਲਈ ਹੀ ਉਸ ਦਾ ਜਨਮ ਹੋਇਆ ਸੀ ਅਤੇ ਉਹ ਔਰਤਾਂ ਨੂੰ ਵਿੱਤ ਵਿੱਚ ਕੰਮ ਕਰਨ ਲਈ ਉਤਸ਼ਾਹਿਤ ਕਰਨ ਬਾਰੇ ਉਤਸੁਕ ਹੈ।

58 ਸਾਲ ਦੀ ਦੇਸਾਈ 2018 ਵਿੱਚ ਫਰੈਂਕਲਿਨ ਟੈਂਪਲਟਨ ਦੇ ਇਤਿਹਾਸ ਵਿੱਚ ਪਹਿਲੀ ਮਹਿਲਾ ਮੁੱਖ ਨਿਵੇਸ਼ ਅਧਿਕਾਰੀ ਬਣ ਗਈ। ਉਹ 137 ਬਿਲੀਅਨ ਡਾਲਰ ਦੀ ਜਾਇਦਾਦ ਦੀ ਨਿਗਰਾਨੀ ਕਰਦੀ ਹੈ। ਉਹ ਅੰਤਰਰਾਸ਼ਟਰੀ ਮੁਦਰਾ ਫੰਡ, ਡਰੇਸਡਨਰ ਕਲੇਨਵਰਟ ਵਾਸਰਸਟਾਈਨ, ਅਤੇ ਥੇਮਸ ਰਿਵਰ ਕੈਪੀਟਲ ਲਈ ਕੰਮ ਕਰਨ ਤੋਂ ਬਾਅਦ 2009 ਵਿੱਚ ਫਰਮ ਵਿੱਚ ਸ਼ਾਮਲ ਹੋਈ। ਲਕੜਾਵਾਲਾ-ਫਲਿਨ, ਕੋ-ਹੈੱਡ, ਗਲੋਬਲ ਪ੍ਰਾਈਵੇਟ ਵੈਲਥ ਮੈਨੇਜਮੈਂਟ, ਗੋਲਡਮੈਨ ਸਾਕਸ ਗਰੁੱਪ, ਗਲੋਬਲ ਸਮਾਵੇਸ਼ ਅਤੇ ਵਿਭਿੰਨਤਾ ਕਮੇਟੀ ਦੀ ਸਹਿ-ਪ੍ਰਧਾਨਗੀ ਸਮੇਤ ਕਈ ਕਾਰਜ ਕਰਦੀ ਹੈ। ਬੈਰਨਜ਼ ਦੇ ਅਨੁਸਾਰ ਵਿੱਤ ਵਿੱਚ ਉਸਦਾ ਕਰੀਅਰ ਇੱਕ ਖੇਡ ਦੀ ਸੱਟ ਤੋਂ ਤੁਰੰਤ ਬਾਅਦ ਸ਼ੁਰੂ ਹੋਇਆ ਸੀ। ਇੱਕ ਜੋਸ਼ੀਲੀ ਜਿਮਨਾਸਟ ਜੋ ਇੱਕ ਸਮੇਂ ਓਲੰਪਿਕ ਵਿੱਚ ਹਿੱਸਾ ਲੈਣਾ ਚਾਹੁੰਦੀ ਸੀ। ਲੱਕੜਵਾਲਾ-ਫਲਿਨ ਨੂੰ ਇੱਕ ਗਰਮੀਆਂ ਵਿੱਚ ਜਾਰਜ ਵਾਸ਼ਿੰਗਟਨ ਯੂਨੀਵਰਸਿਟੀ ਵਿੱਚ ਆਪਣੇ ਗੋਡੇ ਦੇ ਆਪਰੇਸ਼ਨ ਲਈ ਰਹਿਣਾ ਪਿਆ। ਉਸਨੇ ਸੰਸਥਾਗਤ ਇਕੁਇਟੀ ਸੇਲਜ਼ ਡੈਸਕ 'ਤੇ ਕੰਮ ਕਰਦੇ ਹੋਏ, ਫਰੀਡਮੈਨ, ਬਿਲਿੰਗਸ, ਰੈਮਸੇ ਗਰੁੱਪ ਵਿਖੇ ਇੰਟਰਨਸ਼ਿਪ ਕੀਤੀ।

ਸੁਬਰਾਮਣੀਅਨ ਬੈਂਕ ਆਫ ਅਮਰੀਕਾ ਸਕਿਓਰਿਟੀਜ਼ ਵਿਖੇ ਯੂਐਸ ਇਕੁਇਟੀ ਅਤੇ ਮਾਤਰਾਤਮਕ ਰਣਨੀਤੀ ਦੇ ਮੁਖੀ ਹਨ। ਉਹ ਇਕੁਇਟੀ ਲਈ ਯੂਐਸ ਸੈਕਟਰ ਅਲਾਟਮੈਂਟ ਦੀ ਸਿਫ਼ਾਰਸ਼ ਕਰਨ ਅਤੇ & 500 ਅਤੇ ਹੋਰ ਪ੍ਰਮੁੱਖ ਯੂਐਸ ਸੂਚਕਾਂਕ ਲਈ ਪੂਰਵ ਅਨੁਮਾਨ ਨਿਰਧਾਰਤ ਕਰਨ ਦੇ ਨਾਲ-ਨਾਲ ਸੰਸਥਾਗਤ ਅਤੇ ਵਿਅਕਤੀਗਤ ਗਾਹਕਾਂ ਲਈ ਫਰਮ ਦੀ ਮਾਤਰਾਤਮਕ ਇਕੁਇਟੀ ਰਣਨੀਤੀ ਨੂੰ ਵਿਕਸਤ ਕਰਨ ਅਤੇ ਮਾਰਕੀਟਿੰਗ ਕਰਨ ਲਈ ਜ਼ੰਮੇਵਾਰ ਹੈ। ਗੌਗਤਲਬ ਹੈ ਕਿ ਬੈਰਨਜ਼ ਵਿੱਤੀ ਖ਼ਬਰਾਂ ਦਾ ਇੱਕ ਪ੍ਰਮੁੱਖ ਸਰੋਤ ਹੈ, ਜੋ ਸਟਾਕਾਂ, ਨਿਵੇਸ਼ਾਂ ਅਤੇ ਦੁਨੀਆ ਭਰ ਵਿੱਚ ਬਾਜ਼ਾਰ ਕਿਵੇਂ ਅੱਗੇ ਵਧ ਰਹੇ ਹਨ ਬਾਰੇ ਡੂੰਘਾਈ ਨਾਲ ਵਿਸ਼ਲੇਸ਼ਣ ਅਤੇ ਟਿੱਪਣੀ ਪ੍ਰਦਾਨ ਕਰਦਾ ਹੈ।

## ਮੁੱਖ ਮੰਤਰੀ ਭਗਵੰਤ ਮਾਨ ਦੀ ਨੌਜਵਾਨਾਂ ਨੂੰ ਅਪੀਲ: ਆਪਣਾ ਆਦਰਸ਼, ਖ਼ੁਦ ਬਣੋ'

* ਨੌਜਵਾਨਾਂ ਨਾਲ ਸਿੱਧਾ ਸੰਵਾਦ ਰਚਾਉਣ ਲਈ ਪੰਜਾਬ ਸਰਕਾਰ ਛੇਤੀ ਸ਼ੁਰੂ ਕਰੇਗੀ ਨੌਜਵਾਨ ਸਭਾਵਾਂ

ਚੰਡੀਗੜ੍ਹ, 5 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਨੌਜਵਾਨਾਂ ਨੂੰ 'ਆਪਣਾ ਆਦਰਸ਼, ਖ਼ੁਦ ਬਣਨ' ਦੀ ਅਪੀਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਨੌਜਵਾਨਾਂ ਨੂੰ ਕਿਹਾ ਕਿ ਉਹ ਕਿਸੇ ਨੂੰ ਵੀ ਆਪਣੇ ਜਜ਼ਬਾਤ ਨਾਲ ਖੇਡਣ ਦੀ ਇਜਾਜ਼ਤ ਨਾ ਦੇਣ ਕਿਉਂਕਿ ਅਜਿਹੇ ਲੋਕ ਆਪਣਾ ਮਤਲਬ ਕੱਢ ਕੇ ਲਾਂਭੇ ਹੋ ਜਾਂਦੇ ਹਨ।

ਅੱਜ ਇਕ ਵੀਡੀਓ ਸੰਦੇਸ਼ ਰਾਹੀਂ ਨੌਜਵਾਨਾਂ ਨੂੰ ਭਾਵੁਕ ਅਪੀਲ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੌਜਵਾਨਾਂ ਨੂੰ ਆਪਣੇ ਰਾਹ ਖ਼ੁਦ ਬਣਾਉਣ ਲਈ ਪੂਰਾ ਸਹਿਯੋਗ ਕਰੇਗੀ। ਮੁੱਖ ਮੰਤਰੀ ਨੇ ਕਿਹਾ, "ਮੈਂ ਚਾਹੁੰਦਾ ਕਿ ਤੁਸੀਂ ਆਪਣਾ ਰੋਲ ਮਾਡਲ ਖ਼ੁਦ ਬਣੋ ਤਾਂ ਕਿ ਤੁਹਾਡੀ ਕਾਬਲੀਅਤ ਅਤੇ ਸਮਰੱਥਾ ਦਾ ਕੋਈ ਹੋਰ ਫਾਇਦਾ ਨਾ ਚੁੱਕ ਸਕੇ। ਮੈਂ ਤਹਾਨੂੰ ਯਕੀਨ ਦਿਵਾਉਂਦਾ ਹਾਂ ਕਿ ਤੁਸੀਂ ਆਪਣੇ ਜੀਵਨ ਵਿਚ ਨਵੇਂ ਉੱਦਮ ਜਾਂ ਸਟਾਰਟਅੱਪ ਸ਼ੁਰੂ ਕਰੋ ਅਤੇ ਨਵੇਂ ਵਿਚਾਰਾਂ ਨੂੰ ਅਮਲੀਜਾਮਾ ਪਹਿਨਾਉਣ ਲਈ ਯਤਨ ਕਰੋ, ਪੰਜਾਬ ਸਰਕਾਰ ਤੁਹਾਡੀ ਪੂਰੀ ਮਦਦ ਕਰੇਗੀ।"

ਪੰਜਾਬ ਦੀ ਨੌਜਵਾਨਾਂ ਦੀ ਭਲਾਈ ਲਈ ਵੱਡਾ ਫੈਸਲੇ ਲੈਂਦੇ ਹੋਏ ਮੁੱਖ ਮੰਤਰੀ ਨੇ ਹਰੇਕ ਮਹੀਨੇ ਦੋ ਨੌਜਵਾਨ ਸਭਾਵਾਂ ਕਰਵਾਉਣ ਦਾ ਐਲਾਨ ਕੀਤਾ ਜਿਸ ਵਿਚ ਉਹ ਖ਼ੁਦ ਨੌਜਵਾਨਾਂ ਨਾਲ ਸਿੱਧਾ ਸੰਵਾਦ ਰਚਾਉਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਭਾਵਾਂ ਦਾ ਉਦੇਸ਼ ਨੌਜਵਾਨਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੇ ਵਿਚਾਰ ਅਤੇ ਸੁਝਾਅ ਲੈਣਾ ਹੈ ਤਾਂ ਕਿ ਸਰਕਾਰ ਨੌਜਵਾਨਾਂ ਨੂੰ ਨਵੇਂ ਕਾਰੋਬਾਰ ਸ਼ੁਰੂ ਕਰਨ ਅਤੇ ਹੋਰ ਉਪਰਾਲੇ ਕਰਨ ਲਈ ਅਨੁਕੂਲ ਨੀਤੀਆਂ ਤਿਆਰ ਕਰ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਹਰੇਕ 15 ਦਿਨ ਬਾਅਦ ਨੌਜਵਾਨ ਸਭਾਵਾਂ ਕੀਤੀਆਂ ਜਾਣਗੀਆਂ ਜਿੱਥੇ ਖੇਤੀਬਾੜੀ, ਟਰਾਂਸਪੋਰਟ ਤੇ ਹੋਰ ਖੇਤਰਾਂ ਵਿਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਚੁੱਕੇ ਜਾਣ ਵਾਲੇ ਕਦਮਾਂ ਉਤੇ ਸਲਾਹ-ਮਸ਼ਵਰਾ ਕੀਤਾ ਜਾਵੇਗਾ।

ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ, ਕਾਬਲ ਅਤੇ ਦ੍ਰਿੜ ਇਰਾਦੇ ਦੇ ਮਾਲਕ ਦੱਸਦੇ ਹੋਏ ਭਗਵੰਤ ਮਾਨ ਨੇ ਕਿਹਾ, "ਨੌਜਵਾਨਾਂ ਦੇ ਮਨ ਵਿਚ ਆਪਣਾ ਭਵਿੱਖ ਸੰਵਾਰਨ ਲਈ ਹਜ਼ਾਰਾਂ ਸੁਪਨੇ ਹੁੰਦੇ ਹਨ ਪਰ ਅਫਸੋਸ ਦੀ ਗੱਲ ਹੈ ਕਿ ਉਨ੍ਹਾਂ ਨੂੰ ਆਪਣੇ ਸੁਪਨਿਆਂ ਨੂੰ ਉਡਾਨ ਦੇਣ ਲਈ ਢੁਕਵੇਂ ਮੌਕੇ ਪ੍ਰਦਾਨ ਨਹੀਂ ਕੀਤੇ ਜਾਂਦੇ। ਪੰਜਾਬ ਸਰਕਾਰ ਆਪਣੇ ਨੌਜਵਾਨਾਂ ਨੂੰ ਨਵਾਂ ਕਾਰੋਬਾਰ ਸ਼ੁਰੂ ਕਰਨ ਲਈ ਪੂਰਾ ਸਹਿਯੋਗ ਦੇਵੇਗੀ।"

ਨੌਜਵਾਨਾਂ ਨੂੰ ਚੰਗੇ ਅਹੁਦੇ ਹਾਸਲ ਕਰਨ ਲਈ ਉਚੇਰੀ ਸਿੱਖਿਆ ਪ੍ਰਾਪਤ ਕਰਨ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਅਜੀਬੋ-ਗਰੀਬ ਗੱਲ ਹੈ ਕਿ ਤਕਨਾਲੌਜੀ ਦੇ ਯੁੱਗ ਵਿਚ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਚ ਦਾਖਲਿਆਂ ਦੀ ਦਰ ਸਿਰਫ 35 ਫੀਸਦੀ ਰਹਿ ਗਈ ਹੈ। ਇਸੇ ਤਰ੍ਹਾਂ ਪ੍ਰਾਈਵੇਟ ਲਵਲੀ ਯੂਨੀਵਰਸਿਟੀ ਦਾ ਜਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਯੂਨੀਵਰਸਿਟੀ ਵਿਚ 40,000 ਵਿਦਿਆਰਥੀ ਉਚੇਰੀ ਸਿੱਖਿਆ ਹਾਸਲ ਕਰ ਰਹੇ ਹਨ ਪਰ ਏਨੀ ਵੱਡੀ ਗਿਣਤੀ ਵਿੱਚੋਂ ਸਿਰਫ 5200 ਵਿਦਿਆਰਥੀ ਪੰਜਾਬ ਦੇ ਹਨ। ਭਗਵੰਤ ਮਾਨ ਨੇ ਕਿਹਾ, "ਮੇਰੀ ਦਿਲੀ ਇੱਛਾ ਹੈ ਕਿ ਪੰਜਾਬ ਦੇ ਨੌਜਵਾਨ ਨੌਕਰੀਆਂ ਮੰਗਣ ਵਾਲੇ ਨਾ ਬਣਨ ਸਗੋਂ ਨੌਕਰੀਆਂ ਦੇਣ ਵਾਲੇ ਬਣਨ। ਪੰਜਾਬ ਦੇ ਨੌਜਵਾਨਾਂ ਦੇ ਦਫ਼ਤਰ ਚੰਗੀਆਂ ਸਹੂਲਤਾਂ ਨਾਲ ਲੈਸ ਹੋਣ ਅਤੇ ਉਹ ਉਚੇ ਅਹੁਦਿਆਂ ਵਾਲੇ ਦਫ਼ਤਰਾਂ ਵਿਚ ਪਹੁੰਚਣ ਨਾ ਕਿ ਉਨ੍ਹਾਂ ਜੇਲ੍ਹਾਂ ਵਿਚ ਜਾਣ ਲਈ ਮਜਬੂਰ ਹੋਣਾ ਪਵੇ।"





## ਪੰਜਾਬ ਦੀ ਬੇਟੀ ਜੈਸਮੀਨ ਕੌਰ ਜਰਮਨ ਪੁਲਿਸ ਵਿਚ ਹੋਈ ਭਰਤੀ, ਦੇਸ ਦਾ ਵਧਾਇਆ ਮਾਣ

ਚੰਡੀਗੜ੍ਹ, 5 ਅਪ੍ਰੈਲ (ਪੋਸਟ ਬਿਊਰੋ): ਪੰਜਾਬੀਆਂ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਜਲੰਧਰ ਜ਼ਿਲ੍ਹੇ ਦੇ ਪਿੰਡ ਰੁੜਕਾ ਕਲਾਂ ਦੀ ਰਹਿਣ ਵਾਲੀ ਪੰਜਾਬੀ ਜੈਸਮੀਨ ਕੌਰ ਨੇ ਜਰਮਨ ਪੁਲਿਸ ਵਿੱਚ ਭਰਤੀ ਹੋ ਕੇ ਆਪਣੇ ਮਾਪਿਆਂ ਸਮੇਤ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਸਰਦਾਰ ਮਨਜੀਤ ਸਿੰਘ ਦੀ ਪੁੱਤਰੀ ਜਸਮੀਨ ਕੌਰ ਅਤੇ ਰੁੜਕਾ ਕਲਾਂ ਦੀ ਬੀਬੀ ਸੁਰਜੀਤ ਕੌਰ ਨੇ ਜਰਮਨ ਬਾਰਡਰ ਪੁਲਿਸ ਵਿੱਚ ਆਪਣੀ ਥਾਂ ਬਣਾਈ ਹੈ।

ਜੈਸਮੀਨ ਕੌਰ ਨੇ ਕਿਹਾ ਕਿ ਉਸ ਦੇ ਮਾਤਾ-ਪਿਤਾ ਨੇ ਹਮੇਸ਼ਾ ਉਸ ਨੂੰ ਜਰਮਨ ਪੁਲਿਸ ਵਿਚ ਭਰਤੀ ਹੋਣ ਲਈ ਉਤਸ਼ਾਹਿਤ ਕੀਤਾ ਅਤੇ ਹਰ ਕਦਮ 'ਤੇ ਉਸ ਦਾ ਸਾਥ ਦਿੱਤਾ। ਇਸ ਦੇ ਨਾਲ ਹੀ ਜੈਸਮੀਨ ਕੌਰ ਦੇ ਮਾਪਿਆਂ ਨੇ ਵੀ ਆਪਣੀ ਬੇਟੀ ਦੀ ਇਸ ਵਿਲੱਖਣ ਪ੍ਰਾਪਤੀ 'ਤੇ ਬੇਹੱਦ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਉਸ ਦੇ ਜੱਦੀ ਪਿੰਡ ਰੁੜਕਾ ਕਲਾਂ ਜ਼ਿਲ੍ਹਾ ਜਲੰਧਰ ਵਿੱਚ ਰਹਿੰਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।



ਜਸਮੀਨ ਕੌਰ ਦੀ ਦਾਦੀ ਬੀਬੀ ਗੁਰਪਾਲ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਧੀ ਨੇ ਸਾਡੇ ਪਰਿਵਾਰ ਦਾ ਨਾਂ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਤੋਂ ਵਧਾਈ ਸੰਦੇਸ਼ ਆ ਰਹੇ ਹਨ। ਜੈਸਮੀਨ ਕੌਰ ਦੀ ਦਾਦੀ ਨੇ ਕਿਹਾ ਕਿ ਧੀਆਂ ਨੂੰ ਪੜ੍ਹਾਉਣਾ ਚਾਹੀਦਾ ਹੈ, ਉਹ ਕਿਸੇ ਵੀ ਪੱਖੋਂ ਪੁੱਤਰਾਂ ਤੋਂ ਘੱਟ ਨਹੀਂ ਹਨ। ਸਾਡੀ ਧੀ ਨੇ ਸਾਡਾ ਨਾਮ ਪੂਰੀ ਦੁਨੀਆਂ ਵਿੱਚ ਉੱਚਾ ਕੀਤਾ ਹੈ। ਇਸ ਮੌਕੇ ਗਿਆਨੀ ਪਵਿਤਰ ਸਿੰਘ ਖ਼ਾਲਸਾ ਨੇ ਕਿਹਾ ਕਿ ਸਾਡੀ ਧੀ ਦੀ ਇਸ ਪ੍ਰਾਪਤੀ ਕਾਰਨ ਪੂਰੇ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਹੈ, ਜਿਸ ਲਈ ਅਸੀਂ ਸਮੂਹ ਪਰਿਵਾਰ ਨੂੰ ਵਧਾਈ ਦਿੰਦੇ ਹਾਂ।

## 20 ਮਈ ਤੋਂ ਸ਼ੁਰੂ ਹੋਵੇਗੀ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ, ਤਿਆਰੀਆਂ ਮੁਕੰਮਲ

ਨਵੀਂ ਦਿੱਲੀ, 5 ਅਪ੍ਰੈਲ (ਪੋਸਟ ਬਿਊਰੋ): ਉੱਤਰਾਖੰਡ ਸੂਬੇ ਦੇ ਪੰਜਵੇਂ ਅਸਥਾਨ ਸ੍ਰੀ ਹੇਮਕੁੰਟ ਸਾਹਿਬ ਦੇ ਦਰਵਾਜੇ ਖੁੱਲਣ ਅਤੇ ਯਾਤਰਾ 2023 ਦੀਆਂ ਤਿਆਰੀਆਂ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਨੇ ਮੁੱਖ ਸਕੱਤਰ ਉੱਤਰਾਖੰਡ ਸਰਕਾਰ ਡਾ. ਐੱਸ. ਐੱਸ. ਸੰਧੂ ਨਾਲ ਮੁਲਾਕਾਤ ਕੀਤੀ। ਗੱਲਬਾਤ ਦੌਰਾਨ ਫੈਸਲਾ ਕੀਤਾ ਗਿਆ ਕਿ ਇਸ ਸਾਲ ਗੁਰੂਦੁਆਰਾ ਟਰੱਸਟ ਵੱਲੋਂ ਉੱਤਰਾਖੰਡ ਸਰਕਾਰ ਦੇ ਸਹਿਯੋਗ ਨਾਲ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 20 ਮਈ 2023 ਦਿਨ ਸ਼ਨੀਵਾਰ ਤੋਂ ਸ਼ੁਰੂ ਕੀਤੀ ਜਾਵੇਗੀ।

ਹਰ ਸਾਲ ਭਾਰਤੀ ਫੌਜ ਦੇ ਜਵਾਨ ਸ੍ਰੀ ਹੇਮਕੁੰਟ ਸਾਹਿਬ 'ਚ ਭਾਰੀ ਮਾਤਰਾ 'ਚ ਬਰਫ ਹਟਾਉਣ ਦੀ ਸੇਵਾ ਕਰਦੇ ਹਨ। ਇਸ ਸਾਲ, 20 ਅਪ੍ਰੈਲ, 2023 ਨੂੰ, ਭਾਰਤੀ ਫੌਜ ਦੇ ਜਵਾਨ ਯਾਤਰਾ ਦੇ ਰਸਤਿਆਂ ਤੋਂ ਬਰਫ ਹਟਾਉਣ ਲਈ ਘੰਗਰੀਆ ਲਈ ਰਵਾਨਾ ਹੋਣਗੇ। ਸ੍ਰੀ ਹੇਮਕੁੰਟ ਸਾਹਿਬ ਦੇ ਪਵਿੱਤਰ ਦਰਸ਼ਨਾਂ ਲਈ ਅਤੇ ਗੁਰੂ ਮਹਾਰਾਜ ਅੱਗੇ ਮੱਥਾ ਟੇਕਣ ਲਈ ਹਰ ਸਾਲ ਲੱਖਾਂ ਸ਼ਰਧਾਲੂ ਦੇਸ਼-ਵਿਦੇਸ਼ ਤੋਂ ਆਉਂਦੇ ਹਨ।

ਸੰਗਤਾਂ ਦੀ ਵਧਦੀ ਗਿਣਤੀ ਨੂੰ ਦੇਖਦਿਆਂ ਗੁਰਦੁਆਰਾ ਟਰੱਸਟ ਦੇ ਮੁੱਖ ਕੇਂਦਰਾਂ ਵਿੱਚ ਆਰਾਮ ਕਰਨ ਲਈ ਕਮਰੇ ਅਤੇ ਹਾਲ ਆਦਿ ਵੀ ਬਣਾਏ ਗਏ ਹਨ। ਇਸ ਤੋਂ ਇਲਾਵਾ ਸ਼ਰਧਾਲੂਆਂ ਦੀਆਂ ਹੋਰ ਸਹੂਲਤਾਂ ਜਿਵੇਂ ਪਾਣੀ, ਡਾਕਟਰੀ ਸਹਾਇਤਾ ਆਦਿ ਦਾ ਵਿਸ਼ੇਸ਼ ਧਿਆਨ ਰੱਖਦੇ ਹੋਏ ਟਰੱਸਟ ਵੱਲੋਂ ਯਾਤਰਾ ਦੀਆਂ ਸਾਰੀਆਂ ਤਿਆਰੀਆਂ ਲਗਭਗ ਮੁਕੰਮਲ ਕਰ ਲਈਆਂ ਗਈਆਂ ਹਨ।

ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ( ) ਮੈਨੇਜਮੈਂਟ ਟਰੱਸਟ ਯਾਤਰਾ ਪ੍ਰਬੰਧ ਦੇ ਬਾਕੀ ਕਾਰਜਾਂ ਵਿੱਚ ਜੁਟਿਆ ਹੋਇਆ ਹੈ। ਟਰੱਸਟ ਨੇ ਯਾਤਰਾ ਲਈ ਆਉਣ ਵਾਲੀਆਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਝੂਠੀਆਂ ਅਫਵਾਹਾਂ ਦਾ ਸ਼ਿਕਾਰ ਨਾ ਹੋਣ, ਟਰੱਸਟ ਦੇ ਗੁਰਦੁਆਰਾ ਸਾਹਿਬ ਨਾਲ ਸੰਪਰਕ ਕਰਕੇ ਯਾਤਰਾ ਸਬੰਧੀ ਜਾਣਕਾਰੀ ਪ੍ਰਾਪਤ ਕਰਨ। ਸਮੂਹ ਸੰਗਤਾਂ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਖੁਸ਼ੀ ਅਤੇ ਧਾਰਮਿਕ ਭਾਵਨਾ ਨਾਲ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਅਤੇ ਆਸ਼ੀਰਵਾਦ ਪ੍ਰਾਪਤ ਕਰਨ। ਇਸਦੇ ਨਾਲ ਹੀ ਉੱਤਰਾਖੰਡ ਦੀ ਸਰਕਾਰ ਨੇ ਵੀ ਯਾਤਰੀਆਂ ਨੂੰ ਬੇਨਤੀ ਕੀਤੀ ਹੈ ਕਿ ਪ੍ਰਸ਼ਾਸਨ ਅਤੇ ਟਰੱਸਟ ਸਮੇਂ-ਸਮੇਂ 'ਤੇ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨ।



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

# JAG AUJLA

MCNE, REAL ESTATE BROKER

## 416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲ੍ਹੇ-ਡੁਲ੍ਹੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਊਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲ੍ਹੇ-ਡੁਲ੍ਹੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।


FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111








# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017